ਵਿਆਹਾਂ ਵਾਸਤੇ ਭਾਜੀ, ਨਿਸ਼ਾਨੀ, ਤਾਜਾ ਮਠਿਆਈ ਅਤੇ
ਹਰ ਤਰ੍ਹਾਂ ਦੀ ਕੇਟਰਿੰਗ ਵਾਸਤੇ ਸੰਪਰਕ ਕਰੋ
250-730-4000, 855-800-6582
ਵੀਰਜੀ ਹਵੇਲੀ ਕਲੀਅਰਬਰੁੱਕ ਰੋਡ ਐਬਟਸਫੋਰਡ

+91 77175-02848
+91 98146-12006
+91 99882-68982
ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ ਏਅਰਪੋਰਟ ਤੋਂ ਸਾਰੇ ਪੰਜਾਬ ਵਿਚ ਸਰਵਿਸ ਦਿੰਦੇ ਹਾਂ
(ਇਸ਼ਤਿਹਾਰ ਸਫਾ ਬੀ24 ਤੇ ਦੇਖੋ)
+1 778-899-1576
+1 778-207-8100
EAGLE EYE
PICK & DROP
CAR RENTALS & TAXI SERVICE 24 HOURS DELHI AIRPORT SERVICE

ਪੰਜਾਬ ਗਾਰਡੀਅਨ ਐਬਟਸਫੋਰਡ
PUNJAB GUARDIAN
B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish
ALBERTA Edmonton Calgary
ONTARIO Otttawa, Brampton Toronto
QUEBEC Montreal
USA Greater Seattle, Everett, Marysville Portland, Bellingham, Belivue, Lyndon, Lynwood
Tel: 604-590-5200 Fax:604-596-5700 Toll Free: 1-877-584-5200 Vol. 33, Issue No.33 Ending Date: Aug 14, 2026

ਲਖਜੀਤ ਸਿੰਘ ਸਾਰੰਗ
604-613-9100
Super Visa
Travel, Disability
Group Insurance
Life Insurance
Critical Illness
RESP, RRSP
TFSA, FHSA
EXPERIOR
LAKHJIT SARAN
604-613-9100

Sidhu Homeopathic Clinic
Dr. Malkit Singh Sidhu D.H.M.S. (Hons.)
Dr. Kirandeep Kaur Sidhu D.H.M.S. (Pb.)
ਮਾਨਸਿਕ ਰੋਗ, ਘਬਰਾਹਟ, ਨੀਂਦ ਨਾ ਆਉਣੀ, ਦਮਾਂ, ਮੂੰਹ ਪੱਕਣਾ, ਚਮੜੀ ਰੋਗ, ਵਾਲਾਂ ਦੀ ਸਿੱਕਰੀ, ਜੋੜਾਂ ਦੇ ਦਰਦ, ਗਠੀਆ, ਯੂਰਿਕ ਐਸਿਡ, ਗੁਰਦਿਆਂ ਦੀਆਂ ਪੱਥਰੀਆਂ, ਮਰਦਾਂ ਅਤੇ ਇਸਤਰੀਆਂ ਦੇ ਰੋਗਾਂ ਅਤੇ ਨਸ਼ਾ ਛੁਡਾਉਣ ਲਈ ਹੋਮਿਓਪੈਥਿਕ ਦਵਾਈਆਂ ਨਾਲ ਇਲਾਜ ਕੀਤਾ ਜਾਂਦਾ ਹੈ।
Ph: 604-446-3154 NO SIDE EFFECTS
#109-12830-80Ave, Surrey, BC V3W 3A8 (York Centre)

# ਮੋਨਿੰਦਰ ਸਿੰਘ ਬੋਇਲ ਨੂੰ ਧਮਕੀਆਂ ਦਾ ਸੰਯੁਕਤ ਰਾਸ਼ਟਰ ਨੇ ਲਿਆ ਨੋਟਿਸ

ਜਨੇਵਾ:ਸੰਯੁਕਤ ਰਾਸ਼ਟਰ ਦੇ ਪੰਜ ਸੀਨੀਅਰ ਅਧਿਕਾਰੀਆਂ ਨੇ ਸਿੱਖ ਫੈਡਰੇਸ਼ਨ ਦੇ ਭਾਈ ਮੋਨਿੰਦਰ ਸਿੰਘ ਨੂੰ ਲਗਾਤਾਰ ਮਿਲ ਰਹੀਆਂ ਧਮਕੀਆਂ ਅਤੇ ਚੇਤਾਵਨੀਆਂ ਬਾਰੇ ਕੈਨੇਡਾ ਸਰਕਾਰ ਨੂੰ ਸਾਂਝੇ ਤੌਰ ’ਤੇ



ਜਨਤਕ ਪੱਤਰ ਲਿਖਿਆ ਹੈ।ਸੰਯੁਕਤ ਰਾਸ਼ਟਰ ਦੇ ਅਧਿਕਾਰੀਆਂ ਨੇ ਇਨ੍ਹਾਂ ਧਮਕੀਆਂ ਨੂੰ ਬਾਹਰਲੇ ਮੁਲਕਾਂ ਵਿੱਚ ਰਹਿੰਦੇ ਸਿੱਖ ਆਗੂਆਂ ਖ਼ਿਲਾਫ਼ ਇੰਡੀਆ ਵੱਲੋਂ ਚਲਾਈ ਜਾ ਰਹੀ ਟ੍ਰਾਂਜ਼ਨੈਸ਼ਨਲ ਰਿਪ੍ਰੈਸ਼ਨ ਦੀ ਵਿਆਪਕ ਮੁਹਿੰਮ ਦਾ ਹਿੱਸਾ ਮੰਨਿਆ ਹੈ।ਇਹ ਸਾਂਝੀ ਚਿੱਠੀ ਦਰਸਾਉਂਦੀ ਹੈ ਕਿ ਸਿੱਖ (ਬਾਕੀ ਸਫਾ ਬੀ-14 ਤੇ)

# ਵਿਦੇਸ਼ਾਂ ਵਿੱਚ ਵਸਦੇ ਸਿੱਖੋ ਆਪਣੀ ਪਹਿਚਾਣ ਨਾ ਗਵਾਓ:ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ



ਐਬਟਸਫੋਰਟ (ਮਾਸਟਰ ਮਨਜੀਤ ਸਿੰਘ ਦਿਓਲ): ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ, ਹਿੱਕ ਠੋਕ ਕੇ ਸਿੱਖੀ ਦਾ ਪ੍ਰਚਾਰ ਕਰਨ ਵਾਲੇ ਅਤੇ ਸੱਚ ਉੱਤੇ ਪਹਿਰਾ ਦੇਣ ਵਾਲੇ ਪ੍ਰਸਿੱਧ ਕੀਰਤਨੀ ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਨੇ ਅਮਰੀਕਾ ਕਨੇਡਾ ਦੇ ਗੁਰੂ ਘਰਾਂ ਦੇ ਖੁੱਲੇ ਪੰਡਾਲਾਂ ਵਿੱਚ ਕੀਰਤਨ ਤੇ ਕਥਾ ਕਰਦਿਆਂ ਬੇ-ਡਰ ਹੋ ਕੇ ਸੱਚੀ ਸੋਚ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਇਸ ਗੱਲ ਉਤੇ ਜ਼ੋਰ ਦਿੰਦਿਆ ਕਿਹਾ ਜਦੋਂ ਕਿਸੇ ਕੌਮ ਦਾ ਆਪਣਾ ਘਰ, ਆਪਣਾ ਦੇਸ਼ ਨਾ ਹੋਵੇ ਤਾਂ ਆਪਣੇ ਤਖਤਾਂ, ਬਾਣੀ ਬਾਣੇ ਅਤੇ ਆਪਣੀ ਮਾਂ ਬੋਲੀ ਨੂੰ ਸੰਭਾਲਣ ਦੀ ਪਹਿਲੀ ਲੋੜ ਹੁੰਦੀ ਹੈ।ਜਿਹੜੀਆਂ ਕੌਮਾਂ ਦੇ ਲੋਕ ਆਪਣੀਆਂ ਕਦਰਾਂ ਕੀਮਤਾਂ ਅਤੇ ਇਤਿਹਾਸ ਨੂੰ ਭੁੱਲ ਜਾਂਦੀਆਂ ਹਨ ਉਹ ਆਪਣੀ ਹੋਂਦ ਆਪ ਹੀ ਗਵਾ ਲੈਂਦੀਆਂ ਹਨ।ਅੱਜ ਵਿਦੇਸ਼ਾਂ ਵਿੱਚ ਝੂਲਦੇ ਨਿਸ਼ਾਨ ਸਿੱਖੀ ਦੇ ਪ੍ਰਤੀਕ ਹਨ ਉਹਨਾਂ ਐਬਟਸਫੋਰਡ ਵਿਖੇ ਗੁਰਦਵਾਰਾ ਕਲਗੀਧਰ ਦਰਬਾਰ ਸਾਹਿਬ ਕਥਾ ਕਰਦਿਆਂ ਕਿਹਾ ਕਿ ਗੋਰਿਆਂ ਕੋਲ ਆਪਣੇ ਮੁਲਕ ਹਨ ਮੁਸਲਮਾਨਾਂ ਦੇ ਆਪਣੇ ਮੁਲਕ ਹਨ।ਸਿੱਖ ਕੌਮ ਭਾਰਤ ਅੰਦਰ ਘੱਟ ਗਿਣਤੀ ਹੈ, ਸਰਕਾਰਾਂ ਆਟੇ ਵਿੱਚ ਲੂਣ ਦੇ ਬਰਾਬਰ ਸਮਝਦੀਆਂ ਹਨ।ਉਹਨਾਂ ਸਭ ਨੂੰ ਅਪੀਲ ਕੀਤੀ ਕਿ ਦਸਤਾਰਾਂ ਸਜਾਓ, ਆਪਣੀ ਮਾਂ ਬੋਲੀ ਪੰਜਾਬੀ ਬੱਚਿਆਂ ਨੂੰ ਸਿਖਾਓ, ਆਪ ਬਾਣੀ ਤੇ ਬਾਣੇ ਨਾਲ ਜੁੜ ਕੇ ਵੱਧ ਤੋਂ ਵੱਧ ਬਾਣੀ ਪੜੋ ਅਤੇ ਆਪਣੇ ਜੀਵਨ ਨੂੰ ਬਾਣੀ ਅਨੁਸਾਰ ਢਾਲੋ।ਅੱਜ ਕੌਮ ਨੂੰ ਇਹੋ ਜਿਹੇ ਪਰਚਾਰਕਾਂ ਦੀ ਲੋੜ ਹੈ ਜੋ ਸੱਚ ਨੂੰ ਸੱਚ ਕਹਿਣ ਦੀ ਜ਼ੁਰਤ ਰੱਖਦੇ ਹੋਣ।ਵਰਨਣ ਯੋਗ ਹੈ ਕਿ ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਦੇ ਦੀਵਾਨਾ ਵਿੱਚ ਹਜਾਰਾਂ ਸੰਗਤਾਂ ਨੇ ਹਾਜ਼ਰੀ ਭਰੀ।ਸੰਗਤਾਂ ਨੇ ਗੁਰਦਵਾਰਾ ਕਲਗੀਧਰ ਸਾਹਿਬ ਦੀ ਕਮੇਟੀ ਦਾ ਧੰਨਵਾਦ ਕੀਤਾ ਅਤੇ ਅਪੀਲ ਕੀਤੀ ਅਜਿਹੇ ਪ੍ਰਚਾਰਕਾਂ ਨੂੰ ਹਰ ਸਾਲ ਸੱਦਕੇ ਸਿੱਖੀ ਪ੍ਰਚਾਰ ਵਿੱਚ ਵਾਧਾ ਕਰਨਾ ਚਾਹੀਦਾ ਹੈ।ਸਿੱਖ ਸੰਗਤਾਂ ਮੁੱਖ ਸੇਵਾਦਾਰ ਗੁਰਜੀਤ ਸਿੰਘ ਡੋਡ ਅਤੇ ਜਰਨਲ ਸਕੱਤਰ ਸ. ਬਾਜ ਸਿੰਘ ਜੱਸਲ ਅਤੇ ਸਮੂਹ ਕਮੇਟੀ ਦੀ ਸਲਾਘਾ ਕੀਤੀ ਜਿਨ੍ਹਾਂ ਨੇ ਇੰਨਾ ਵੱਡਾ ਸਮਾਗਮ ਅਯੋਜਿਤ ਕੀਤਾ।

Award Winner Realtor in Fraser Valley
*RESIDENTIAL *COMMERCIAL *AGRICULTURAL
ਘਰ, ਬੇਰੀ ਫਾਰਮ, ਖਾਲੀ ਜ਼ਮੀਨ, ਲਾਟ ਜਾਂ ਵਪਾਰਕ ਜਾਇਦਾਦ ਖਰੀਦਣ ਜਾਂ ਵੇਚਣ ਵੇਲੇ ਵਾਜਬ ਰੇਟ ਅਤੇ ਸ਼ਾਨਦਾਰ ਸੇਵਾਵਾਂ ਲਈ ਹਮੇਸ਼ਾਂ ਯਾਦ ਰੱਖੋ
2026
DR. GURVINDER SINGH DHALIWAL®
ਡਾ. ਗੁਰਵਿੰਦਰ ਸਿੰਘ ਧਾਲੀਵਾਲ PERSONAL REAL ESTATE CORPORATION M.A., Ph.D
604-825-1550
gurvindersinghprec@gmail.com
WEBSITE:WWW.GURVINDERSINGHDHALIWAL.COM

ਸੁਪਰ ਵੀਜ਼ਾ ਦੇ ਲਈ ਵਿਜ਼ਟਰ ਇਨਸ਼ੋਰੈਂਸ
ਵੀਜ਼ਾ ਨਾ ਲਗਣ ਤੇ 100% ਪੈਸੇ ਵਾਪਸ
"ਬੈਂਕ ਮੋਰਟਗੇਜ ਇੰਸ਼ੋਰੈਂਸ ਲੈਣ ਤੋਂ ਪਹਿਲਾਂ ਜਾਂ ਜੇ ਤੁਹਾਡੇ ਕੋਲ ਪਹਿਲਾਂ ਹੀ ਬੈਂਕ ਮੋਰਟਗੇਜ ਇੰਸ਼ੋਰੈਂਸ ਹੈ ਤਾਂ ਤੁਹਾਨੂੰ ਪਰਸਨਲ ਇੰਸ਼ੋਰੈਂਸ ਲਈ ਜਾਣਾ ਚਾਹੀਦਾ ਹੈ।"
• ਲਾਈਫ ਇੰਸ਼ੋਰੈਂਸ • ਟਰੈਵਲ ਇੰਸ਼ੋਰੈਂਸ • ਵਿਜ਼ਟਰ ਇੰਸ਼ੋਰੈਂਸ
• ਡੈਂਟਲ ਤੇ ਮੈਡੀਕਲ ਪਲੈਨ • ਆਰ ਈ ਐਸੱ ਪੀ, ਆਰ ਆਰ ਐਸੱ ਪੀ
• ਮਨੀ-ਬੈਕ ਟਰਮ ਇੰਸ਼ੋਰੈਂਸ
• ਕ੍ਰਿਟੀਕਲ ਇਲਨੈਸ ਇੰਸ਼ੋਰੈਂਸ
• ਪਰੋਵਿੰਸ ਤੋਂ ਬਾਹਰ ਕਵਰੇਜ
• ਸਪੈਸ਼ਲ ਡਿਸਅਬਿਲਿਟੀ ਇੰਸ਼ੋਰੈਂਸ ਟੈਕਸੀ ਤੇ ਟਰੱਕ ਡਰਾਈਵਰਾਂ ਵਾਸਤੇ
ਅਸੀ ਘਰਾਂ ਅਤੇ ਕਾਰਾਂ ਦੀ ਇੰਸ਼ੋਰੈਂਸ ਵੀ ਕਰਦੇ ਹਾਂ
Insurance ਸਾਡੇ ਕੋਲ 10, 15, 20 ਸਾਲਾਂ ਦੇ ਗਰੰਟਿਡ ਪਲੈਨ ਹਨ।
ਜਸਵੀਰ ਗਰੇਵਾਲ
778 317 6262
JasvirGrewal0596@Gmail.com
ਆਪਣਾ ਜੀਵਨ ਬੀਮਾ ਕਰਵਾਉਣਾ, ਆਪਣੇ ਭਰੋਸੇ ਨੂੰ ਪੱਕਿਆਂ ਕਰਨਾ ਹੈ

A-CLASS FOREIGN EXCHANGE
ਤੁਸੀਂ ਇੰਡੀਆ ਨੂੰ ਪੈਸੇ ਜਿਸ ਰਾਹੀਂ ਮਰਜ਼ੀ ਭੇਜੋ ਪਰ ਸਾਡੇ ਨਾਲ ਰੇਟ ਜ਼ਰੂਰ ਚੈਕ ਕਰੋ
24 ਘੰਟਿਆਂ 'ਚ ਆਪਣੇ ਪੈਸੇ ਭੇਜਣ ਜਾਂ ਮੰਗਵਾਉਣ ਲਈ
ਹਰਮੀਤ ਸਿੰਘ ਖੁੱਡੀਆਂ
Punjab Travels
#204-2642 Ceder Park Place Abbotsford
604-825-2222

ਇੰਡੀਆ ਪੈਸੇ ਭੇਜਣ ਜਾਂ ਮੰਗਵਾਉਣ ਲਈ ਇੱਕੋ ਇੱਕ ਨਾਮ
ZIRA CURRENCY EXCHANGER LTD.
ਲੰਮੇ ਸਮੇਂ ਤੋਂ ਭਰੋਸੇ ਯੋਗ ਸੇਵਾਵਾਂ
ਡਾਲਰ ਦਾ ਸਭ ਤੋਂ ਵਧੀਆ ਰੇਟ
604-562-7000, 604-314-0000
#397-8148-128 ST.
(PAYAL BUSINESS CENTRE) SURREY

BRILLIANT COACH LABOUR CONTRACTING LTD
ਕੈਨਰੀ ਵਿਚ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ।
ਰਸਬੇਰੀ, ਸਟਰਾਅ ਬੇਰੀ, ਬਲਿਊ ਬੇਰੀ ਅਤੇ ਬਲੈਕ ਬੇਰੀ ਤੋੜਨ ਵਾਸਤੇ ਵਰਕਰਾਂ ਦੀ ਲੋੜ ਹੈ।
ਸਾਨੂੰ ਕਲਾਸ 4 ਅਤੇ 5 ਡਰਾਈਵਰਾਂ ਦੀ ਵੀ ਲੋੜ ਹੈ।
ਹੋਰ ਜਾਣਕਾਰੀ ਲਈ ਫੋਨ ਕਰੋ
BRILLIANT COACH
778-536-0693

ਗੁਰੂ ਨਾਨਕ ਜਿਊਲਰਜ਼ ਲਿਮ.
24k & 22k Gold Jewelry
Lucky Stones
Gemstones
40% OFF
Seiko & Citizen Watches
ABBOTSFORD LOCATION
#103 - 2752 Allwood St. Abbotsford, BC V2T 3R7
604-864-6066 | 604-853-5259

ਵਰਕਰਾਂ ਦੀ ਲੋੜ
ਲੋਅਰ ਮੇਨਲੈਂਡ ਦੀ ਮਸ਼ਹੂਰ ਤੇ ਪੁਰਾਣੀ ਕੰਪਨੀ ਜੈਸ ਕੰਸਟਰਕਸ਼ਨ ਨੂੰ ਫਰੇਮਿੰਗ ਦੇ ਕੰਮ ਲਈ ਤਜਰਬੇਕਾਰ ਅਤੇ ਬਿਨਾ ਤਜਰਬੇ ਤੋਂ ਵਰਕਰਾਂ ਦੀ ਤੁਰੰਤ ਲੋੜ ਹੈ।ਰਾਈਡ ਦਾ ਪ੍ਰਬੰਧ ਹੋਵੇਗਾ।
ਤਨਖਾਹ $15-$30 ਪ੍ਰਤੀ ਘੰਟਾ
6 ਦਿਨ ਕੰਮ, 10 ਘੰਟੇ ਰੋਜਾਨਾ
Ph:604-209-2722

MOHIE Travel Ltd.
#122-32083 Hillcrest Ave, Abbotsford
• DOMESTIC & INTERNATIONAL TICKETS • TOURS • CRUISES
ਅਸੀਂ ਪਾਸਪੋਰਟ ਬਣਾਉਣ ਲਈ ਹਰੇਕ ਤਰ੍ਹਾਂ ਦੇ ਫਾਰਮ ਭਰਦੇ ਹਾਂ
ਟਰੈਵਲ ਟਿਕਟ ਸਰਵਿਸਿਜ਼
Contact Jarnail S Maan 604-746-9222
Email:mohietravel@gmail.com

Universal Auto Collision Ltd.
• ICBC Claims • Private Claims • Free Courtesy Cars
• Auto Glass Replacement • Free Estimates Fax: 604-596-3800 Ph. 604-596-2800
We Moved To New Location
27441-FRASER HWY. ALDERGROVE, BC
ਆਈ. ਸੀ. ਬੀ. ਕਲੇਮਜ਼ ਪ੍ਰਾਈਵੇਟ ਕਲੇਮਜ਼ ਫਰੀ ਐਸਟੀਮੇਟ
ਫਰੀ ਕਰਟਸੀ ਕਾਰ ਆਟੋ ਗਲਾਸ ਰਿਪਲੇਸਮੈਂਟ
Satisfaction Guarantee

PACIFIC NURSERIES
*Certified Imported from USA
*High Quality & Healty Plants
*Ready to Plant *Potted in One Gallon
ONLY FOR WHOLESALERS
TO BOOK YOUR ORDER CONTACT:
ਬਲਿਊਬੇਰੀ (ਡਿਊਕ) ਅਤੇ ਸੀਡਰ ਹੈਜਿੰਗ ਪਲਾਂਟ ਤਿਆਰ ਹਨ
778-552-0305


FARM AND SPICE
FARM AND SPICE
Weekly Special
Designer Rakhi Available at All Locations
*Special Sampling in Certain Stores*
Aug 7 - 13
romw tmwtr
Roma Tomato
Per lb
$1.49
hrl iSmlw imrc
Green Pepper
Per lb
$1.49
Adrk
Ginger
Per lb
$1.49
bYNgx
Baby Eggplant
Per lb
$1.49
gwjr
Red Fruit Carrot
Per lb
$1.49
sMqry
Mandarin
Per lb
$1.49
rUsYt AwlU
Russet Potatoes
10 Lbs
$3.99
nwrlAl
Young Coconut
2 for
$5.00
Syr dwlw
Sher Kala Chana, Kabuli Cickpeas & Light Kidney Beans
4 Lbs
$5.99
knolw qyl
Canaddin Pride Canola Oil
3 Ltrs
$10.9
nwnk vYjl brgr pYtl
Nanak Veggie Burger Patty
850 gms
$8.99
nwnk rsmlwel
Nanak Rasmalai Assorted
850 gms
$8.99
svyrw pnlr
Savera Paneer
341 gms
$3.99
kntln bwsmql
Canteen Indian Basmati
10 Lbs
$9.99
nwnk dysl iGa
Nanak Desi Ghee
3.5 Lbs
$27.9
Syr Awtw
Sher Desi Style Atta
20 Lbs
$14.9
*while supply last
Open 7 Days a Week
8:30 am to 10:00 pm
farmandspice.com
#9546-9548 Scott Town Plaza
96 Ave Scott Road Surrey
# 09-10 12830 96 Ave.
Surrey BC | Tel: 604 930 7742
# 103-104 14320 64 Ave.
Surrey BC | Tel: 604 593 6323

# ਆਪਣਿਆਂ ਵੱਲ ਤੋਪਾਂ ਦੇ ਮੂੰਹ ਨਾ ਕਰੋ



ਗ਼ੁਲਾਮ ਕੌਮਾਂ ਦੀ ਮਾਨਸਿਕਤਾ ਸਹਿਜੇ-ਸਹਿਜੇ ਅਜਿਹੀ ਹੋ ਜਾਂਦੀ ਹੈ ਕਿ ਉਹ ਆਪਣੇ ਵਿਰੋਧੀਆਂ, ਦੁਸ਼ਮਣਾਂ ਅਤੇ ਸਰਕਾਰਾਂ ਨੂੰ ਦੋਸ਼ੀ ਕਹਿਣ ਦੀ ਬਜਾਏ ਆਪਣੇ ਨਾਇਕਾਂ ਨੂੰ ਹੀ ਦੋਸ਼ੀ ਮੰਨਣ ਲੱਗ ਜਾਂਦੀਆਂ ਹਨ, ਇਹੀ ਹਾਲ ਸਿੱਖ ਕੌਮ ਦਾ ਹੋਇਆ ਪਿਆ ਹੈ। ਚਾਹੇ ਜੂਨ 1984 ਦਾ ਘੱਲੂਘਾਰਾ ਹੋਵੇ, ਚਾਹੇ ਨਵੰਬਰ 1984 ਦੀ ਸਿੱਖ ਨਸਲਕੁਸ਼ੀ ਅਤੇ ਚਾਹੇ ਖਾੜਕੂ ਸੰਘਰਸ਼ ਹੋਵੇ ਬਥੇਰੇ ਸਿੱਖ ਨੇ ਜੋ ਆਪਣਿਆਂ ਨੂੰ ਹੀ ਦੋਸ਼ੀ ਆਖੀ ਜਾਂਦੇ ਨੇ। ਇਸੇ ਤਰ੍ਹਾਂ ਸੰਨ 2015 ਵਿੱਚ ਜਦੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਹੋਈਆਂ ਤਾਂ ਬਾਦਲ ਸਰਕਾਰ ਨੇ ਸ਼ਾਂਤਮਈ ਢੰਗ ਨਾਲ ਰੋਸ ਪ੍ਰਗਟਾ ਰਹੇ ਸਿੱਖਾਂ ਉੱਤੇ ਗੋਲੀਆਂ ਚਲਾ ਕੇ ਦੋ ਸਿੱਖ ਸ਼ਹੀਦ ਅਤੇ ਅਨੇਕਾਂ ਜ਼ਖ਼ਮੀ ਕਰ ਦਿੱਤੇ ਪਰ ਓਦੋਂ ਵੀ ਕੁਝ ਕੁ ਭੇਖੀ ਸਿੱਖ ਜੋ ਪੁਲਿਸ ਨੂੰ ਦੋਸ਼ੀ ਕਹਿਣ ਦੀ ਬਜਾਏ ਸਿੱਖ ਨੌਜਵਾਨਾਂ ਉੱਤੇ ਇਲਜ਼ਾਮ ਲਗਾ ਰਹੇ ਸਨ ਕਿ ਪਹਿਲਾਂ ਇਹਨਾਂ ਨੇ ਪੁਲਿਸ ਉੱਤੇ ਹੱਥ ਚੁੱਕਿਆ ਸੀ। ਇਹੀ ਵਰਤਾਰਾ ਸੰਨ 2020-21 ਵਿੱਚ ਦਿੱਲੀ ਕਿਸਾਨ ਮੋਰਚੇ ਸਮੇਂ ਵਾਪਰਿਆ ਜਦੋਂ ਭਾਜਪਾ ਸਰਕਾਰ ਅਤੇ ਦਿੱਲੀ ਪੁਲਿਸ ਨੂੰ ਦੋਸ਼ ਦੇਣ ਦੀ ਬਜਾਏ ਦੀਪ ਸਿੱਧੂ ਅਤੇ ਹੋਰ ਸਿੱਖ ਨੌਜਵਾਨਾਂ ਨੂੰ ਆਪਣਿਆਂ ਵੱਲੋਂ ਹੀ ਨਿਸ਼ਾਨਾ ਬਣਾਇਆ ਗਿਆ।ਹੁਣ 29 ਜੁਲਾਈ 2026 ਨੂੰ ਵੀ ਬੰਦੀ ਸਿੰਘਾਂ ਦੀ ਰਿਹਾਈ ਦੀ ਆਵਾਜ਼ ਬੁਲੰਦ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਦਾ ਘਿਰਾਓ ਕਰਨ ਦੇ ਪ੍ਰੋਗਰਾਮ ਵਿੱਚ ਚੰਡੀਗੜ੍ਹ ਪੁਲਿਸ ਨੂੰ ਦੋਸ਼ੀ ਕਹਿਣ ਦੀ ਬਜਾਏ ਮਾਰਚ ਵਿੱਚ ਸ਼ਾਮਿਲ ਹੋਏ ਸਿੱਖ ਨੌਜਵਾਨਾਂ ਉੱਤੇ ਇਲਜ਼ਾਮਬਾਜ਼ੀ ਕੀਤੀ ਜਾ ਰਹੀ ਹੈ।

ਪਤਾ ਨਹੀਂ ਸਾਡੇ ਲੋਕਾਂ ਨੂੰ ਕੀ ਹੋ ਗਿਆ ਹੈ ਕਿ ਆਪਣੀਆਂ ਤੋਪਾਂ ਦੇ ਮੂੰਹ ਸਰਕਾਰਾਂ ਵੱਲ ਕਰਨ ਦੀ ਬਜਾਏ ਅਸੀਂ ਆਪਣੇ ਹੀ ਭਰਾਵਾਂ ਉੱਤੇ ਗੋਲੇ ਦਾਗੀ ਜਾ ਰਹੇ ਹਾਂ।ਲੋੜ ਤਾਂ ਆਪਣਿਆਂ ਨਾਲ ਖੜ੍ਹਨ ਦੀ ਹੈ ਤੇ ਇਕੱਠੇ ਹੋ ਕੇ ਦੁਸ਼ਮਣ ਨਾਲ ਲੜਨ ਦੀ ਹੈ, ਪਰ ਸਿੱਖ ਜਜ਼ਬਾਤਾਂ ਅਤੇ ਪੰਥਕ ਜਲਵੇ ਦਾ ਸ਼ਾਨਦਾਰ ਪ੍ਰਗਟਾਵਾ ਕਰਨ ਵਾਲੇ ਜੁਝਾਰੂ ਸਿੱਖਾਂ ਨੂੰ ਦੋਸ਼ੀ ਕਿਉਂ ਕਿਹਾ ਜਾ ਰਿਹਾ ਹੈ? ਸੋਚ ਕੇ ਵੇਖੋ ਕਿ ਕੀ ਤੁਸੀਂ ਸਰਕਾਰਾਂ ਦੇ ਬਿਰਤਾਂਤ ਦਾ ਕਿਤੇ ਸ਼ਿਕਾਰ ਤਾਂ ਨਹੀਂ ਹੋ ਗਏ ਹੋ? ਜਿਸ ਜਵਾਨੀ ਨੇ ਅਨੇਕਾਂ ਮੋਰਚੇ ਫ਼ਤਹਿ ਕੀਤੇ ਤੇ ਚੰਡੀਗੜ੍ਹ ਵਿੱਚ ਵੀ ਠਾਠਾਂ ਮਾਰਦਾ ਵਿਸ਼ਾਲ ਇਕੱਠ ਕੀਤਾ ਤੇ ਪੁਲਿਸ ਦੇ ਜਬਰ ਅੱਗੇ ਹਿੱਕਾਂ ਡਾਹੀਆਂ, ਬੈਰੀਕੇਡਿੰਗ ਤੋੜੀ ਉਹ ਸਿੱਖ ਗ਼ਲਤ ਨਹੀਂ ਬਲਕਿ ਸਰਕਾਰ ਅਤੇ ਪੁਲਿਸ ਦੋਸ਼ੀ ਹੈ। ਪੁਲਿਸ ਨੇ ਸ਼ਾਂਤਮਈ ਢੰਗ ਨਾਲ ਮਾਰਚ ਕਰਦੇ ਸਿੱਖਾਂ ਉੱਤੇ ਪਾਣੀ ਦੀਆਂ ਬੁਛਾੜਾਂ ਕਿਉਂ ਮਾਰੀਆਂ?ਲਾਠੀਚਾਰਜ ਕਿਉਂ ਕੀਤਾ?ਕੇਸ-ਕਕਾਰ ਅਤੇ ਦਸਤਾਰਾਂ ਕਿਉਂ ਰੋਲੀਆਂ? ਨੌਜਵਾਨਾਂ, ਬੱਚਿਆਂ, ਬਜ਼ੁਰਗਾਂ ਅਤੇ ਬੀਬੀਆਂ 'ਤੇ ਜਬਰ ਕਿਉਂ ਢਾਹਿਆ?

ਇਹਨਾਂ ਹਲਾਤਾਂ ਵਿੱਚ ਸਿੱਖ ਜਵਾਨੀ ਦਾ ਰੋਹ ਵਿੱਚ ਆਉਣਾ ਅਤੇ ਜਜ਼ਬਾਤੀ ਹੋਣਾ ਸੁਭਾਵਿਕ ਸੀ। ਜਦੋਂ ਵੱਡੇ ਇਕੱਠੇ ਹੋਣ ਤੇ ਉਸ ਵਿੱਚ ਚੜ੍ਹਦੀ ਜਵਾਨੀ ਦੇ ਨੌਜਵਾਨ ਸ਼ਾਮਿਲ ਹੋਣ ਤੇ ਉੱਪਰੋਂ ਪੁਲਿਸ ਧੱਕੇਸ਼ਾਹੀ ਕਰੇ ਤਾਂ ਫਿਰ ਸਿੱਖ ਨੌਜਵਾਨੀ ਉਹਨਾਂ ਦੇ ਜ਼ੁਲਮ ਅੱਗੇ ਭੇਡਾਂ-ਬੱਕਰੀਆਂ ਨਹੀਂ ਬਣ ਸਕਦੀ, ਉਹ ਫਿਰ ਸ਼ੇਰ ਵਾਂਗ ਗਰਜੇਗੀ ਤੇ ਦੁਸ਼ਮਣ ਦੇ ਹੱਲੇ ਦਾ ਜਵਾਬ ਵੀ ਦੇਵੇਗੀ। ਜੇ ਨੌਜਵਾਨਾਂ ਦੇ ਕੋਲ ਸ਼ਸਤਰ ਸਨ ਤਾਂ ਪੁਲਿਸ ਕਿਹੜੀ ਨਿਹੱਥੀ ਸੀ ? ਇਹ ਸ਼ਸਤਰ ਸਿੱਖਾਂ ਦੇ ਸਰੀਰ ਦਾ ਹਿੱਸਾ ਹਨ, ਕਕਾਰਾਂ ਵਿੱਚ ਸ਼ਾਮਿਲ ਹਨ, ਜਿੱਥੇ ਸਿੱਖ ਜਾਣਗੇ ਓਥੇ ਸ਼ਸਤਰ ਵੀ ਨਾਲ ਲਿਜਾਣਗੇ। ਨਾ ਤਾਂ ਪੁਲਿਸ ਆਪਣੇ ਹਥਿਆਰ ਅਸਲਾਖਾਨੇ ਵਿੱਚ ਜਮ੍ਹਾ ਕਰਾ ਕੇ ਆਈ ਸੀ ਅਤੇ ਨਾ ਹੀ ਸਿੱਖ ਆਪਣੇ ਸ਼ਸਤਰ ਘਰਾਂ ਵਿੱਚ ਛੱਡ ਕੇ ਜਾ ਸਕਦੇ ਸਨ। ਸਿੱਖਾਂ ਨੇ ਕੋਈ ਵਧੀਕੀ ਨਹੀਂ ਕੀਤੀ, ਕਿਸੇ ਦਾ ਕਤਲ ਨਹੀਂ ਕੀਤਾ, ਫਿਰ ਸਿੱਖ ਦੋਸ਼ੀ ਕਿਵੇਂ ਹੋ ਗਏ ? ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ 'ਤੇ ਪੁਲਿਸ ਨੇ ਪਰਚੇ ਕਿਉਂ ਪਾਏ ਹਨ ? ਜੇ ਉਹ ਦੋਸ਼ੀ ਹਨ ਤਾਂ ਫਿਰ ਪੁਲਿਸ ਵੀ ਦੋਸ਼ੀ ਹੈ ਤੇ ਪੁਲਿਸ ਉੱਤੇ ਪਰਚੇ ਕੌਣ ਪਾਏਗਾ ? ਟਕਰਾਅ ਪੁਲਿਸ ਨੇ ਸ਼ੁਰੂ ਕੀਤਾ ਸੀ, ਨਾ ਕੇ ਸਿੱਖ ਨੌਜਵਾਨਾਂ ਨੇ।ਜਿਸ ਨੇ ਲੜਾਈ ਨੂੰ ਜਨਮ ਦਿੱਤਾ ਉਹ ਦੋਸ਼ੀ ਹੈ, ਨਾ ਕਿ ਆਪਣਾ ਬਚਾਅ ਕਰਨ ਵਾਲੇ।

ਕੇਂਦਰ ਸਰਕਾਰ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਪੁਰਾਣੇ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕਰ ਰਹੀ ਅਤੇ ਭਗਵੰਤ ਮਾਨ ਦੀ ਸੂਬਾ ਸਰਕਾਰ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਨੂੰ ਰਿਹਾਅ ਨਹੀਂ ਕਰ ਰਹੀ ਸਿੱਖਾਂ ਨੇ ਉਹਨਾਂ ਦੀ ਰਿਹਾਈ ਲਈ ਮਾਰਚ ਕੀਤਾ ਤਾਂ ਸਰਕਾਰ, ਮੀਡੀਆ ਅਤੇ ਪੁਲਿਸ ਸਿੱਖਾਂ ਨੂੰ ਹੀ ਦੋਸ਼ੀ ਕਹਿਣ ਲੱਗ ਪਈ। ਇਸ ਲਈ ਕਹਿਣਾ ਪਏਗਾ ਕਿ "ਅਜੀਬ ਦਸਤੂਰ ਹੈ, ਐ ਮਹਿਜ਼ਬੀਂ ਤੇਰੀ ਮਹਿਫ਼ਿਲ ਕਾ। ਹਮਾਰਾ ਕਤਲ ਭੀ ਕੀਆ, ਔਰ ਮੁਜਰਿਮ ਭੀ ਹਮ ਹੂਏ।" ਜੇ ਸਰਕਾਰਾਂ ਨੇ ਬੰਦੀ ਸਿੰਘ ਰਿਹਾਅ ਕੀਤੇ ਹੁੰਦੇ ਤਾਂ ਸਿੱਖਾਂ ਨੂੰ ਮਾਰਚ, ਪ੍ਰਦਰਸ਼ਨ ਤੇ ਧਰਨੇ ਲਗਾਉਣ ਦੀ ਲੋੜ ਹੀ ਨਾ ਪੈਂਦੀ। ਸਰਕਾਰਾਂ ਦੀ ਪੰਥ ਤੇ ਪੰਜਾਬ ਵਿਰੋਧੀ ਨੀਤੀ ਨੂੰ ਸਮਝੋ ਤੇ ਆਪਣਿਆਂ ਨੂੰ ਦੋਸ਼ੀ ਕਹਿਣ ਦੀ ਬਜਾਏ ਭੈਅ ਮੁਕਤ ਹੋ ਕੇ ਬਿਗਾਨਿਆਂ ਨੂੰ ਦੋਸ਼ੀ ਆਖੋ।


**ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**
**8872293883**









# ਰਾਸ਼ਟਰ ਮੰਡਲ ਖੇਡਾਂ ਵਿੱਚ ਲਵਪ੍ਰੀਤ ਸਿੰਘ ਨੇ ਜਿੱਤਿਆ ਸਿਲਵਰ ਮੈਡਲ




ਇੰਗਲੈਂਡ:-ਗਲਾਸਗੋ ਵਿੱਚ ਚੱਲ ਰਹੀਆਂ ਰਾਸ਼ਟਰਮੰਡਲ ਖੇਡਾਂ ਦੇ 8ਵੇਂ ਦਿਨ ਭਾਰਤ ਨੂੰ ਵੇਟਲਿਫਟਿੰਗ ਵਿੱਚ ਇੱਕ ਹੋਰ ਚਾਂਦੀ ਦਾ ਮੈਡਲ ਮਿਲਿਆ। ਇਹ ਮੈਡਲ ਵੇਟਲਿਫਟਰ ਲਵਪ੍ਰੀਤ ਸਿੰਘ ਨੇ ਦਵਾਇਆ।ਲਵਪ੍ਰੀਤ ਸਿੰਘ ਨੇ ਪੁਰਸ਼ਾਂ ਦੇ 110 ਕਿਲੋਗ੍ਰਾਮ+ ਭਾਰ ਵਰਗ ਵਿੱਚ ਕੁੱਲ 388 ਕਿਲੋਗ੍ਰਾਮ ਭਾਰ ਚੁੱਕ ਕੇ ਇਹ ਉਪਲਬਧੀ ਹਾਸਲ ਕੀਤੀ ਹੈ।ਪੰਜਾਬ ਦੇ ਅੰਮ੍ਰਿਤਸਰ ਜ਼ਿਲ੍ਹੇ ਦੇ ਰਹਿਣ ਵਾਲੇ ਲਵਪ੍ਰੀਤ ਨੇ ਸਨੈਚ ਵਿੱਚ 176 ਕਿਲੋਗ੍ਰਾਮ ਅਤੇ ਕਲੀਨ ਐਂਡ ਜਰਕ ਵਿੱਚ 212 ਕਿਲੋਗ੍ਰਾਮ ਭਾਰ ਚੁੱਕਿਆ। ਲਵਪ੍ਰੀਤ ਨੇ ਸਨੈਚ ਵਿੱਚ ਗੇਮ ਰਿਕਾਰਡ ਵੀ ਬਣਾਇਆ।ਹਾਲਾਂਕਿ, ਉਹ ਆਪਣੀ ਤੀਜੀ ਕੋਸ਼ਿਸ਼ ਵਿੱਚ 217 ਕਿਲੋਗ੍ਰਾਮ ਭਾਰ ਚੁੱਕਣ ਵਿੱਚ ਉਹ ਸਫ਼ਲ ਨਹੀਂ ਹੋ ਸਕੇ। ਇਸ ਦੇ ਨਾਲ ਹੀ ਇਸ ਮੁਕਾਬਲੇ ਵਿੱਚ ਨਿਊਜ਼ੀਲੈਂਡ ਦੇ ਡੇਵਿਟ ਐਂਡ੍ਰਿਊਜ਼ ਨੇ ਬਾਜ਼ੀ ਮਾਰ ਲਈ। ਡੇਵਿਟ ਐਂਡ੍ਰਿਊਜ਼ ਨੇ ਕੁੱਲ 389 ਕਿਲੋਗ੍ਰਾਮ ਭਾਰ ਚੁੱਕ ਕੇ ਗੋਲਡ ਮੈਡਲ ਆਪਣੇ ਨਾਮ ਕੀਤਾ ਅਤੇ ਰਾਸ਼ਟਰਮੰਡਲ ਖੇਡਾਂ ਦਾ ਰਿਕਾਰਡ ਵੀ ਆਪਣੇ ਨਾਮ ਕੀਤਾ।ਇਸੇ ਕਰਕੇ ਲਵਪ੍ਰੀਤ ਸਿੰਘ ਮਹਿਜ਼ 1 ਕਿਲੋਗ੍ਰਾਮ ਦੇ ਫ਼ਰਕ ਨਾਲ ਸੋਨੇ ਦੇ ਮੈਡਲ ਤੋਂ ਖੁੰਝ ਗਏ। ਇਨ੍ਹਾਂ ਰਾਸ਼ਟਰਮੰਡਲ ਖੇਡਾਂ ਵਿੱਚ ਵੇਟਲਿਫਟਿੰਗ ਵਿੱਚ ਭਾਰਤ ਨੂੰ 8ਵਾਂ ਮੈਡਲ ਹਾਸਿਲ ਹੋਇਆ।ਇਸ ਮੈਡਲ ਦੇ ਨਾਲ ਲਵਪ੍ਰੀਤ ਇਨ੍ਹਾਂ ਖੇਡਾਂ ਵਿੱਚ ਆਪਣੇ ਮੈਡਲ ਦਾ ਰੰਗ ਬਦਲਣ ਵਿੱਚ ਕਾਮਯਾਬ ਰਹੇ। ਲਵਪ੍ਰੀਤ ਨੇ 2022 ਦੀਆਂ ਬਰਮਿੰਘਮ ਰਾਸ਼ਟਰਮੰਡਲ ਖੇਡਾਂ ਵਿੱਚ ਕਾਂਸੇ ਦਾ ਮੈਡਲ ਜਿੱਤਿਆ ਸੀ।ਜੇਕਰ ਪੰਜਾਬ ਦੇ ਲਿਹਾਜ਼ ਨਾਲ ਗੱਲ ਕੀਤੀ ਜਾਵੇ ਤਾਂ ਇਹ ਦੂਜਾ ਮੈਡਲ ਹਾਸਲ ਹੋਇਆ ਹੈ। ਇਸ ਤੋਂ ਪਹਿਲਾ ਮੈਡਲ ਵੀ ਵੇਟਲਿਫਟਿੰਗ ਵਿੱਚ ਹੀ ਮਿਲਿਆ ਸੀ।ਉਹ ਮੈਡਲ ਵੇਟਲਿਫਟਰ ਹਰਜਿੰਦਰ ਕੌਰ ਨੇ 69 ਕਿਲੋਗ੍ਰਾਮ ਭਾਰ ਵਰਗ ਵਿੱਚ ਹਾਸਲ ਕੀਤਾ ਸੀ।

THANDI AUTO CARE CENTRE LTD
WE DO REPAIR OF ALL MAKES & MODELS
- General Repairs
- Transmission- Brakes
- Tune Ups - Mufflers
- Electrical Problems
-We also do Diesel Repairs
ਅਸੀ ਹਰ ਤਰਾਂ ਦੀਆਂ ਡੋਮੇਸਟਿਕ ਅਤੇ ਇਨਪੋਟੀਡ ਕਾਰਾਂ ਅਤੇ ਵੈਨਾਂ ਦੀ ਰੀਪੇਅਰ ਕਰਦੇ ਹਾਂ
Bhupinder Singh Thandi
Certified Auto Mechanic
604.503.0713
Fax:604.503.0712
Harp_t@hotmail.com
12383-83A Ave, Surrey, BC





SAVVY
Immigration Services Inc.
ਇੰਮੀਗਰੇਸ਼ਨ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
*Temporary Visa *Student Visa
*Work Permit *Permanent Immigration
*Humanitarian & Compassionate Cases
Harpreet K Grewal:604-832-9581
Email:info@savvyimmigrations.com www.savyimmigration.com
Unit A-32088, Cedar Lane, Abbotsford BC Canada
Mon–Sat:10:00 AM-06:00 PM Closed on Sunday



FIXMAN
GLASS REPAIR LTD
Auto
Residential
Commercial
"We Are The Clear Choice"
Windshield Repair & Replacement
We do ICBC and Private Claims in Cars, Vans, SUV, Trucks & Taxis and Offer Mobile Service
• ਆਈ ਸੀ ਬੀ ਸੀ ਅਤੇ ਪ੍ਰਾਈਵੇਟ ਕਲੇਮ • ਕਾਰੀਗਿਰੀ, ਲੀਕਸ ਅਤੇ ਰਾਕ ਚਿਪਸ ਤੇ
• ਲਾਈਫਟਾਈਮ ਵਾਰੰਟੀ • ਮੋਬਾਈਲ ਸਰਵਿਸ • ਬੱਗ ਸਕਰੀਨ ਵੀ ਲਾਉਂਦੇ ਹਾਂ
• ਕਾਰ ਨੂੰ ਮੁਫਤ ਸਾਫ ਕਰਦੇ ਹਾਂ • ਚੱਕਣ ਅਤੇ ਛੱਡਣ ਦਾ ਵੀ ਪ੍ਰਬੰਧ ਹੈ
2 Locations Serves You
SURREY
#301-14640-64Ave Surrey
Ph:604-657-0003
LANGLEY
#102-5968 205A St
Ph:778-258-3000
Mandeep Dhaliwal
www.fixmanglass.com Email:fixmanglass@gmail.com



Punjab TRAVELS
Special offer!
ਅਸੀਂ ਇੰਡੀਆ ਜਾਂ ਇੰਡੀਆ ਦੇ ਕਿਸੇ ਵੀ ਕੋਨੇ ਤੇ ਆਉਣ-ਜਾਣ ਲਈ ਟਿਕਟਾਂ ਬਣਾਉਂਦੇ ਹਾਂ।
ਜੀਵਨ ਸਿੰਘ ਮੋਗਾ
▸▸ ਸਪੈਸ਼ਲ ਰੇਟ : ਏਅਰ ਕਨੈਡਾ ਅਤੇ ਚਾਈਨਾ ਏਅਰ ਲਾਈਨ
▸▸ ਸਾਰੀਆਂ ਏਅਰ ਲਾਈਨਾਂ ਦੀਆਂ ਸਸਤੀਆਂ ਟਿਕਟਾਂ
▸▸ ਅਸੀਂ ਘਰੇਲੂ ਅਤੇ ਸਾਰੇ ਦੇਸ਼ਾਂ ਦੀਆਂ ਟਿਕਟਾਂ ਵੀ ਬਣਾਉਂਦੇ ਹਾਂ
Ph : 604-825-3075, 604-744-4400
2642 Cedar Park Abbotsford, British Columbia V2T 3S5



SekCheck FINGERPRINTING SERVICES
*Digital Fingerprinting *Police Certificate CPIC
*Overseas Police Check *Ink & Roll Fingerprinting
*Name Change Application *Record Suspension *US Waiver
Ph:604-628-4446, 778-536-1188
#255-13711-72Ave Surrey, BC

# ਵਿਦੇਸ਼ਾਂ ਵਿਚ ਪਾਵਨ ਸਰੂਪ ਭੇਜਣ ਲਈ ਨਿਯਮ ਤਹਿ ਕੀਤੇ ਜਾਣ, ਅਧਿਕਾਰੀਆਂ ਨੂੰ ਸੌਂਪਿਆ ਮੰਗ ਪੱਤਰ



ਅੰਮ੍ਰਿਤਸਰ (ਚਰਨਜੀਤ ਸਿੰਘ):ਕੰਨਟੇਨਰ ਰਾਹੀਂ ਕਨੇਡਾ ਭੇਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਮਾਮਲੇ ਤੇ ਗਿਆਨੀ ਤੇਜਪੀਰ ਸਿੰਘ ਖ਼ਾਲਸਾ ਦਮਦਮੀ ਟਕਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਭਾਈ ਪਰਮਜੀਤ ਸਿੰਘ ਅਕਾਲੀ ਨੇ ਜਥੇ ਦੀ ਸੰਗਤ ਸਮੇਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਰਦਾਸ ਕੀਤੀ ।ਪੱਤਰਕਾਰਾਂ ਨਾਲ ਗਲ ਕਰਦਿਆਂ ਗਿਆਨੀ ਤੇਜਬੀਰ ਸਿੰਘ ਖ਼ਾਲਸਾ ਨੇ ਕਿਹਾ ਕਿ ਆਪਣੇ ਆਪ ਨੂੰ ਸਿੱਖਾਂ ਦੀ ਨੁਮਾਇੰਦਾ ਜਮਾਤ ਅਖਵਾਉਣ ਵਾਲੀ ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਦਿਨੀ ਜੋ ਪਾਵਨ ਸਰੂਪ ਕਨੇਡਾ ਵਿਖੇ ਇੱਕ ਖਸਤਾ ਹਾਲ ਦੀ ਬੱਸ ਦੇ ਵਿੱਚ ਸੁਭਾਏਮਾਨ ਕਰਕੇ ਸਮੁੰਦਰ ਰਸਤੇ ਰਾਹੀਂ ਪਹੁੰਚਾਇਆ।ਸਭ ਤੋਂ ਵੱਡੀ ਦੁੱਖ ਦੀ ਗੱਲ ਹੈ ਕਿ ਇਨਾਂ ਪਾਵਨ ਸਰੂਪਾਂ ਨਾਲ ਇੱਕ ਵੀ ਸਿੰਘ ਨਹੀਂ ਭੇਜਿਆ ਗਿਆ।ਇਹ ਸਤਿਗੁਰੂ ਸੱਚੇ ਪਾਤਸ਼ਾਹ ਦਾ ਘੋਰ ਨਿਰਾਦਰ ਹੈ।ਉਸ ਦੇ ਰੋਸ ਵਜੋਂ ਅਸੀਂ ਸਾਰੇ ਇੱਥੇ ਸਤਿਗੁਰੂ ਸੱਚੇ ਪਾਤਸ਼ਾਹ ਦੇ ਚਰਨਾਂ ਚ ਅਰਦਾਸ ਕੀਤੀ ਹੈ ਕਿ ਜਿਹੜੇ ਸਾਡੇ ਗੁਰੂ ਕੇ ਸਿੱਖਾਂ ਨੇ ਇਹ ਕੋਤਾਹੀ ਕੀਤੀ ਹੈ ਉਨਾਂ ਨੂੰ ਸਮੱਤ ਬਖਸ਼ੋ ਅਸੀ ਦਮਦਮੀ ਟਕਸਾਲ ਦੇ ਸਿੰਘ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਇਹ ਬੇਨਤੀ ਕਰਨ ਆਏ ਹਾਂ ਕਿ ਸੱਚੇ ਪਾਤਸ਼ਾਹ ਕਿਰਪਾ ਕਰਲ ਆਪਣੇ ਪੰਥ ਦੀ ਚੜ੍ਹਦੀ ਕਲਾ ਕਰਨ। ਉਨਾਂ ਕਿਹਾ ਕਿ ਕਨੇਡਾ ਮਾਮਲੇ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਘੋਰ ਨਿਰਾਦਰੀ ਅਤੇ ਘੋਰ ਬੇਅਦਬੀ ਹੋਈ ਹੈ। ਇਸ ਦੇ ਸਬੰਧ ਵਿੱਚ ਅਸੀਂ ਸਕੱਤਰ ਭਾਈ ਬਲਵਿੰਦਰ ਸਿੰਘ ਕਾਹਲਵਾ ਨੂੰ ਬੇਨਤੀ ਕੀਤੀ ਹੈ ਜਿਸ ਵੀ ਵਿਅਕਤੀ ਨੇ ਪਾਵਨ ਸਰੂਪ ਕੰਨਟੇਨਰ ਰਾਹੀਂ ਭੇਜਣ ਦੀ ਆਗਿਆ ਦਿੱਤੀ ਹੈ ਉਸ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬਣਦੀ ਸਜਾ ਦਿੱਤੀ ਜਾਵੇ।ਭਾਈ ਤੇਜਬੀਰ ਸਿੰਘ ਨੇ ਕਿਹਾ ਕਿ 1920 ਵਿੱਚ ਸ਼੍ਰੋਮਣੀ ਕਮੇਟੀ ਇਸੇ ਕਰਕੇ ਹੋਂਦ ਵਿੱਚ ਆਈ ਸੀ ਕਿ ਗੁਰਦੁਆਰਾ ਪ੍ਰਬੰਧ ਨੂੰ ਦਰੁਸਤ ਕੀਤਾ ਜਾ ਸਕੇ,ਪਰ ਅੱਜ ਹਾਲਤ ਬਹੁਤ ਜਿਆਦਾ ਮਾੜੀ ਹੋ ਗਈ ਹੈ। ਅਜਿਹਾ ਕਰਨ ਲਈ ਸਰਕਾਰ ਦਾ ਵੀ ਅੱਡੀ ਚੋਟੀ ਦਾ ਜ਼ੋਰ ਲੱਗਾ ਹੋਵੇਗਾ ਪਰ ਸ਼੍ਰੋਮਣੀ ਕਮੇਟੀ ਸਾਡੀ ਨੁਮਾਇੰਦਾ ਜਮਾਤ ਹੈ ਤੇ ਸਾਡੇ ਬਜ਼ੁਰਗਾਂ ਨੇ ਆਪਣੇ ਸਿਰ ਦੇ ਕੇ ਬਣਾਈ ਸੀ।ਸਾਡੇ ਜਿਉਦੇ ਜੀਅ ਸ਼੍ਰੋਮਣੀ ਕਮੇਟੀ ਦਾ ਕੋਈ ਨੁਕਸਾਨ ਨਹੀਂਹੋਣ ਦੇਵਾਂਗੇ, ਪਰ ਸ਼੍ਰੋਮਣੀ ਕਮੇਟੀ ਨੇ ਆਪ ਆਪਣੇ ਪੈਰਾਂ ਤੇ ਕੁਹਾੜਾ ਮਾਰ ਲੈਂਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਸੱਚੇ ਪਾਤਸ਼ਾਹ ਜੀ ਦੇ ਸਰੂਪਾਂ ਦੀ ਇਹ ਆਪ ਨਿਰਾਦਰੀ ਕਰਵਾ ਰਹੇ ਹਨ।ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵਿਦੇਸ਼ ਭੇਜਣ ਲਈ ਸੰਗਤਾਂ ਤੇ ਸਿੱਖ ਜਥੇਬੰਦੀਆਂ ਦੇ ਸੁਝਾਅ ਨਾਲ ਨਿਯਮ ਤਿਆਰ ਕਰਨੇ ਚਾਹੀਦੇ ਹਨ।


SARDAR JI ACADEMY

...KNOWLEDGE TEST...

CAR, TRUCK, TAXI & AIR BRAKE



ਲਰਨਿੰਗ ਲਾਇਸੈਂਸ ਦੀ ਪੰਜਾਬੀ ਅਤੇ ਅੰਗਰੇਜੀ ਵਿਚ ਤਿਆਰੀ ਕਰਵਾਈ ਜਾਂਦੀ ਹੈ

FORKLIFT TRAINING

ਇਥੇ ਫੋਰਕਲਿਫਟ ਦੇ ਲਾਇਸੈਂਸ ਅਤੇ ਸਿਟੀਜਨਸ਼ਿਪ ਦੀ ਤਿਆਰੀ ਵੀ ਕਰਵਾਈ ਜਾਂਦੀ ਹੈ

Ph:778-892-4655

#201-12885-85Ave, Surrey

Near Gurdwara Dashmesh Darbar







# ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ

11267-125A St, Surrey, BC

## ਇਸ ਹਫਤੇ ਦੇ ਪ੍ਰੋਗਰਾਮ

6 ਅਗਸਤ ਦਿਨ ਵੀਰਵਾਰ 10 ਵਜੇ ਪਾਠ ਸ੍ਰੀ ਸੁਖਮਨੀ ਸਾਹਿਬ ਗੁਰਵਿੰਦਰ ਸਿੰਘ ਭੰਗੂ ਪਰਿਵਾਰ ਵੱਲੋਂ
7 ਅਗਸਤ ਦਿਨ ਸ਼ੁੱਕਰਵਾਰ 10 ਵਜੇ ਆਰੰਭ ਸ੍ਰੀ ਅਖੰਡ ਪਾਠ ਸਰਦਾਰ ਹਰਿੰਦਰ ਸਿੰਘ ਸੇਖੋਂ ਪਰਿਵਾਰ ਵੱਲੋਂ
8 ਅਗਸਤ ਦਿਨ ਸ਼ਨੀਵਾਰ 10 ਵਜੇ ਭੋਗ ਸ੍ਰੀ ਸਹਿਜ ਪਾਠ ਕੁੜਮਾਈ ਸ. ਇੰਦਰ ਸਿੰਘ ਜੀ ਪਰਿਵਾਰ ਵੱਲੋਂ
8 ਅਗਸਤ ਦਿਨ ਸ਼ਨੀਵਾਰ ਸ਼ਾਮ 5 ਵਜੇ ਪਾਠ ਸ੍ਰੀ ਸੁਖਮਨੀ ਸਾਹਿਬ ਮਨਜੀਤ ਗਰੇਵਾਲ ਪਰਿਵਾਰ ਵੱਲੋਂ
8 ਅਗਸਤ ਦਿਨ ਸ਼ਨੀਵਾਰ ਸਵੇਰੇ 11 ਵਜੇ ਅਨੰਦ ਕਾਰਜ ਕਾਕਾ ਦਵਿੰਦਰ ਸਿੰਘ ਬੀਬੀ ਕਮਲਜੀਤ ਕੌਰ
9 ਅਗਸਤ ਦਿਨ ਐਤਵਾਰ ਸਵੇਰੇ 9 ਵਜੇ ਭੋਗ ਸ੍ਰੀ ਅਖੰਡਪਾਠ ਸਾਹਿਬ, ਉਪਰੰਤ ਕੀਰਤਨ ਦੀਵਾਨ 12 ਵਜੇ ਤੱਕ ਹਰਿੰਦਰ ਸਿੰਘ ਸੇਖੋਂ ਪਰਿਵਾਰ ਵੱਲੋਂ ਹਾਲ ਨੰਬਰ(2) ਵਿਚ
9 ਅਗਸਤ ਦਿਨ ਐਤਵਾਰ ਸਵੇਰੇ 10 ਵਜੇ ਪਾਠ ਸ੍ਰੀ ਸੁਖਮਨੀ ਸਾਹਿਬ ਕੁੜਮਾਈ ਹਰਪ੍ਰੀਤ ਕੌਰ ਗੁਰਤੇਜ ਸਿੰਘ
9 ਅਗਸਤ ਦਿਨ ਐਤਵਾਰ ਨਾਮੁ ਸਿਮਰਨਿ ਜਾਪ ਚੌਪਹਿਰਾ ਸਮਾਗਮ 12 ਵਜੇ ਤੋਂ ਸ਼ਾਮ 4 ਵਜੇ ਤੱਕ
12 ਅਗਸਤ ਬੁੱਧਵਾਰ ਸਵੇਰੇ 10 ਵਜੇ ਪਾਠ ਸ੍ਰੀ ਸੁਖਮਨੀ ਸਾਹਿਬ ਰਣਜੀਤ ਸਿੰਘ ਧਾਲੀਵਾਲ ਪਰਿਵਾਰ ਵੱਲੋਂ
13 ਅਗਸਤ ਦਿਨ ਵੀਰਵਾਰ ਬੀਬੀਆਂ ਦੇ ਜਥੇ ਵੱਲੋਂ ਪਾਠ ਸ੍ਰੀ ਸੁਖਮਨੀ ਸਾਹਿਬ 11 ਵਜੇ ਤੋਂ 1 ਵਜੇ ਤੱਕ


**ਨੋਟ:ਗੁਰਦੁਆਰਾ ਸਾਹਿਬ ਵਿਖੇ ਬੁੱਧਵਾਰ, ਵੀਰਵਾਰ, ਸ਼ਨਿੱਚਰਵਾਰ ਅਤੇ ਐਤਵਾਰ ਸ਼ਾਮ 7-9 ਵਜੇ ਤੱਕ ਗੁਰਬਾਣੀ ਸੰਥਿਆ, ਕੀਰਤਨ ਤੇ ਪੰਜਾਬੀ ਦੀਆਂ ਕਲਾਸਾਂ ਲਗਦੀਆਂ ਹਨ**

| ਰਾਗੀ ਜੱਥਾ | ਕਥਾਵਾਚਕ | ਤਬਲਾ ਸਿੱਖਣ ਲਈ ਸੰਪਰਕ ਕਰੋ: |
|---|---|---|
| ਸਤਨਾਮ ਸਿੰਘ<br>ਲੁਧਿਆਣੇ ਵਾਲੇ | ਗਿਆਨੀ ਨਿਰਵੈਲ ਸਿੰਘ<br>ਬੀੜ ਬਾਬਾ ਬੁੱਢਾ ਜੀ ਵਾਲੇ | 604-585-0319 |

ਹਰ ਮੱਸਿਆ ਤੇ ਸ਼ਾਮ ਨੂੰ 6-9 ਵਜੇ ਵਿਸ਼ੇਸ਼ ਪ੍ਰੋਗਰਾਮ ਹੁੰਦੇ ਹਨ

**ਪ੍ਰੋਗਰਾਮ ਬੁਕਿੰਗ ਲਈ ਸੰਪਰਕ ਕਰ ਸਕਦੇ ਹੋ:ਗੁਰਦੁਆਰਾ ਸਾਹਿਬ:604-585-0319**

**ਗਿ. ਮਹਿੰਦਰ ਸਿੰਘ ਮਹਿਸੰਮਪੁਰ:778-713-5121 ਗਿ. ਬਲਦੇਵ ਸਿੰਘ:604-719-2007**



ਗੁਰਬਾਣੀ ਸਿਮਰਨ ਹਰ ਐਤਵਾਰ ਦੁਪਹਿਰ 1 ਤੋਂ 4 ਵਜੇ ਤੱਕ ਹੁੰਦੇ ਹਨ

## ਰੋਜਾਨਾ ਦੇ ਪ੍ਰੋਗਰਾਮ

### ਸਵੇਰੇ

5 ਵਜੇ ਸਵੇਰੇ:ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼
5:15-6:15 ਵਜੇ ਤੱਕ :ਪੰਜ ਬਾਣੀਆਂ ਦੇ ਨਿਤਨੇਮ
6.30 -8 ਵਜੇ ਤੱਕ: ਆਸਾ ਜੀ ਦੀ ਵਾਰ ਦੇ ਕੀਰਤਨ
8-8:30 ਵਜੇ ਤੱਕ: ਕਥਾ ਹੁਕਮਨਾਮਾ
8:30-10 ਵਜੇ ਤੱਕ: ਕੀਰਤਨ ਅਤੇ ਸਮਾਪਤੀ

### ਸ਼ਾਮ

6-6.30 ਵਜੇ ਤੱਕ:ਪਾਠ ਸੋਦਰ
6:30 -8 ਵਜੇ ਤੱਕ:ਗੁਰਬਾਣੀ ਕੀਰਤਨ ਅਤੇ ਸਮਾਪਤੀ

# ਕਰਤਾਰਪੁਰ ਸਾਹਿਬ ਲਾਂਘਾ ਜਲਦ ਤੋਂ ਜਲਦ ਮੁੜ ਖੋਲ੍ਹਿਆ ਜਾਵੇ, ਪਰ ਦੇਸ਼ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਾ ਹੋਵੇ:ਐਡਵੋਕੇਟ ਗੁਰਪ੍ਰਤਾਪ ਸਿੰਘ ਗਿੱਲ

ਰੂਪਨਗਰ,: ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਪੰਜਾਬ ਅਤੇ ਸੀਨੀਅਰ ਕਾਂਗਰਸੀ ਆਗੂ ਐਡਵੋਕੇਟ ਗੁਰਪ੍ਰਤਾਪ ਸਿੰਘ ਗਿੱਲ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ 7 ਮਈ 2025 ਤੋਂ ਬੰਦ ਪਿਆ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਜਲਦ ਤੋਂ ਜਲਦ ਮੁੜ ਖੋਲ੍ਹਿਆ ਜਾਵੇ, ਤਾਂ ਜੋ ਦੇਸ਼-ਵਿਦੇਸ਼ ਵਿੱਚ ਵੱਸਦੇ ਲੱਖਾਂ ਸ਼ਰਧਾਲੂ ਆਪਣੇ ਆਰਾਧਿਆ ਸਥਾਨ ਦੇ ਦਰਸ਼ਨ ਕਰ ਸਕਣ।

ਗਿੱਲ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਉਹ ਪਵਿੱਤਰ ਅਸਥਾਨ ਹੈ, ਜਿੱਥੇ ਸਿੱਖ ਧਰਮ ਦੇ ਬਾਨੀ ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦੇ ਆਖਰੀ 18 ਸਾਲ ਬਤੀਤ ਕੀਤੇ ਅਤੇ ਇਥੋਂ ਹੀ ਸਮੁੱਚੀ ਮਨੁੱਖਤਾ ਨੂੰ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ ਦਾ ਸੰਦੇਸ਼ ਦਿੱਤਾ। ਇਸ ਪਾਵਨ ਧਰਤੀ ਨਾਲ ਕੇਵਲ ਸਿੱਖ ਭਾਈਚਾਰੇ ਦੀ ਹੀ ਨਹੀਂ, ਸਗੋਂ ਹਿੰਦੂ ਅਤੇ ਮੁਸਲਿਮ ਭਾਈਚਾਰਿਆਂ ਦੀਆਂ ਵੀ ਡੂੰਘੀਆਂ ਧਾਰਮਿਕ, ਇਤਿਹਾਸਕ ਅਤੇ ਸੱਭਿਆਚਾਰਕ ਭਾਵਨਾਵਾਂ ਜੁੜੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਕਰਤਾਰਪੁਰ ਸਾਹਿਬ ਲਾਂਘੇ ਦੇ ਲੰਬੇ ਸਮੇਂ ਤੋਂ ਬੰਦ ਰਹਿਣ ਕਾਰਨ ਲੱਖਾਂ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਕੇਂਦਰ ਸਰਕਾਰ ਨੂੰ ਇਸ ਮਾਮਲੇ ਨੂੰ ਮਨੁੱਖੀ ਅਤੇ ਧਾਰਮਿਕ ਪੱਖ ਤੋਂ ਗੰਭੀਰਤਾ ਨਾਲ ਲੈਂਦਿਆਂ ਲਾਂਘੇ ਨੂੰ ਮੁੜ ਸ਼ੁਰੂ ਕਰਨ ਲਈ ਤੁਰੰਤ ਕਦਮ ਚੁੱਕਣੇ ਚਾਹੀਦੇ ਹਨ।

ਗੁਰਪ੍ਰਤਾਪ ਸਿੰਘ ਗਿੱਲ ਨੇ ਸਪੱਸ਼ਟ ਕੀਤਾ ਕਿ ਦੇਸ਼ ਦੀ ਸੁਰੱਖਿਆ ਸਰਵੋਪਰੀ ਹੈ। ਉਨ੍ਹਾਂ ਕਿਹਾ ਕਿ ਲਾਂਘਾ ਖੋਲ੍ਹਣ ਤੋਂ ਪਹਿਲਾਂ ਸਾਰੀਆਂ ਲੋੜੀਂਦੀਆਂ ਸੁਰੱਖਿਆ ਜਾਂਚਾਂ ਨੂੰ ਪੂਰੀ ਤਰ੍ਹਾਂ ਮੁਕੰਮਲ ਕੀਤਾ ਜਾਵੇ, ਸਰਹੱਦ 'ਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਅਤੇ ਸੁਰੱਖਿਆ ਏਜੰਸੀਆਂ ਦੀ ਪੂਰੀ ਤਸੱਲੀ ਤੋਂ ਬਾਅਦ ਹੀ ਸ਼ਰਧਾਲੂਆਂ ਦੀ ਆਵਾਜਾਈ ਮੁੜ ਸ਼ੁਰੂ ਕੀਤੀ ਜਾਵੇ। ਧਾਰਮਿਕ ਆਸਥਾ ਅਤੇ ਰਾਸ਼ਟਰੀ ਸੁਰੱਖਿਆ ਦੋਵਾਂ ਵਿੱਚ ਸੰਤੁਲਨ ਬਣਾਈ ਰੱਖਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਰਤਾਰਪੁਰ ਸਾਹਿਬ ਲਾਂਘਾ ਸਿਰਫ਼ ਇੱਕ ਯਾਤਰਾ ਮਾਰਗ ਨਹੀਂ, ਸਗੋਂ ਕਰੋੜਾਂ ਸ਼ਰਧਾਲੂਆਂ ਦੀਆਂ ਭਾਵਨਾਵਾਂ, ਵਿਸ਼ਵਾਸ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੁੜਿਆ ਇੱਕ ਪਵਿੱਤਰ ਪੁਲ ਹੈ। ਇਸ ਲਈ ਕੇਂਦਰ ਸਰਕਾਰ ਨੂੰ ਸਾਰੇ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਦੇ ਹੋਏ ਇਸ ਲਾਂਘੇ ਨੂੰ ਜਲਦ ਤੋਂ ਜਲਦ ਮੁੜ ਖੋਲ੍ਹਣ ਲਈ ਲੋੜੀਂਦੇ ਕਦਮ ਚੁੱਕਣੇ ਚਾਹੀਦੇ ਹਨ, ਤਾਂ ਜੋ ਸ਼ਰਧਾਲੂ ਮੁੜ ਆਪਣੇ ਸਤਿਗੁਰੂ ਦੇ ਪਾਵਨ ਚਰਨਾਂ ਵਿੱਚ ਨਤਮਸਤਕ ਹੋ ਸਕਣ।



# ਸਭ ਤੋਂ ਖਤਰਨਾਕ ਉਹ ਸਿਆਸੀ ਸਿੱਖ ਨੇ ਜੋ...

ਸੰਨ 1947 ਤੋਂ ਸਿੱਖਾਂ ਦਾ ਹੋ ਰਿਹਾ ਘਾਣ 1978 ਤੋਂ ਬਾਅਦ ਤਾਂ ਸਿਖ਼ਰਾਂ ਉੱਤੇ ਚਲਾ ਗਿਆ ਸੀ, ਖ਼ਾਸ ਕਰਕੇ ਜੂਨ 1984 ਅਤੇ ਨਵੰਬਰ 1984 ਦੇ ਘੱਲੂਘਾਰੇ ਮੌਕੇ ਹਿੰਦੁਸਤਾਨੀ ਸਿਸਟਮ ਨੇ ਸਿੱਖੀ ਅਤੇ ਸਿੱਖਾਂ ਉੱਤੇ ਭਰਪੂਰ ਹੱਲਾ ਬੋਲਿਆ। ਇਸ ਤੋਂ ਬਾਅਦ ਪੰਜਾਬ ਵਿੱਚ ਹਜ਼ਾਰਾਂ ਸਿੱਖਾਂ ਨੂੰ ਝੂਠੇ ਮੁਕਾਬਲਿਆਂ ਵਿੱਚ ਕਤਲ ਕੀਤਾ ਗਿਆ, ਅਣਪਛਾਤੀਆਂ ਲਾਸ਼ਾਂ ਕਹਿ ਕੇ ਸਾੜਿਆ ਗਿਆ, ਝੂਠੇ ਦੋਸ਼ਾਂ ਵਿੱਚ ਜੇਲ੍ਹ ਡੱਕਿਆ ਗਿਆ। ਜ਼ੁਲਮ ਕਰਨ ਵਾਲੇ ਲੋਕਾਂ ਨੂੰ ਹਿੰਦੁਸਤਾਨੀ ਹਕੂਮਤ ਦੀ ਸ਼ਰੇਆਮ ਪੁਸ਼ਤਪਨਾਹੀ ਮਿਲਦੀ ਰਹੀ। ਦਿੱਲੀ ਵਿਚ ਕਤਲੇਆਮ ਕਰਨ ਵਾਲੇ ਜਗਦੀਸ਼ ਟਾਇਟਲਰ, ਕਮਲ ਨਾਥ ਵਰਗੇ ਲੋਕ ਹੋਣ ਜਾਂ ਪੰਜਾਬ ਵਿਚ ਸਿੱਖਾਂ ਦਾ ਘਾਣ ਕਰਨ ਵਾਲੇ ਪੁਲੀਸ ਅਧਿਕਾਰੀ ਹਰੇਕ ਨੂੰ ਹਿੰਦੂ ਸਾਮਰਾਜ ਨੇ ਸਰਪ੍ਰਸਤੀ ਦਿੱਤੀ ਹੈ। ਇਹ ਮੁਲਕ ਲੋਕਤੰਤਰ ਦਾ ਦਾਅਵਾ ਕਰਦਾ ਹੈ ਜਦਕਿ ਇੱਥੇ ਗੈਰ-ਹਿੰਦੂਆਂ ਦਾ ਲਗਾਤਾਰ ਘਾਣ ਹੋ ਰਿਹਾ ਹੈ। ਈਸਾਈਆਂ, ਮੁਸਲਮਾਨਾਂ, ਦਲਿਤਾਂ ਤੇ ਹੋਰਾਂ ਵਾਂਗ ਸਿੱਖਾਂ ਦੀ ਨਸਲਕੁਸ਼ੀ ਲਗਾਤਾਰ ਹੋ ਰਹੀ ਹੈ। ਸਿੱਖ ਕੌਮ ਦੁਨੀਆਂ ਭਰ ਵਿੱਚ ਦੁਹਾਈ ਦੇ ਰਹੀ ਹੈ ਪਰ ਕਿੱਧਰੇ ਕੋਈ ਸੁਣਵਾਈ ਨਹੀਂ ਹੋ ਰਹੀ। ਸਿੱਖਾਂ ਦੀ ਬੋਲੀ, ਧਰਮ, ਸੱਭਿਆਚਾਰ ਮਲੀਆਮੇਟ ਕਰਨ ਲਈ ਭਾਰਤੀ ਹਕੂਮਤੀ ਸਿਸਟਮ ਬੇਕਿਰਕ ਤੇ ਨਿਰਦਈ ਹੋ ਕੇ ਸਰਗਰਮ ਹੈ। ਜੋ ਵੀ ਚੂੰ-ਚਾਂ ਕਰਦਾ ਹੈ, ਓਸੇ ਦੀ ਬਲੀ ਦਿੱਤੀ ਜਾਂਦੀ ਹੈ। ਬੇਦੋਸ਼ੇ ਸਿੱਖਾਂ ਦੇ ਲਗਾਤਾਰ ਘਾਣ ਨੇ ਸਿੱਖ ਜਗਤ ਅੰਦਰ ਬੇਹੱਦ ਘਾਤਕ ਰੁਝਾਨਾਂ ਨੂੰ ਸ਼ਹਿ ਦੇਣੀ ਸ਼ੁਰੂ ਕਰ ਦਿੱਤੀ ਹੈ। ਸਿੱਖਾਂ ਵਿੱਚੋਂ ਅਜਿਹੇ ਲੋਕ ਸਾਹਮਣੇ ਆ ਰਹੇ ਹਨ ਜੋ ਹਿੰਦੂ ਕੁਹਾੜੇ ਦਾ ਦਸਤਾ ਬਣ ਕੇ ਸਿੱਖੀ ਤੇ ਸਿੱਖਾਂ ਦਾ ਘਾਣ ਕਰਨ ਲਈ ਤਿਆਰ ਹਨ। ਇਹ ਲੋਕ ਸਵਾਰਥਾਂ, ਸੱਤਾ, ਐਸ਼, ਅਹੁਦੇ ਤੇ ਹੋਰ ਸੁੱਖ ਸਹੂਲਤਾਂ ਮਾਨਣ ਲਈ 'ਗ਼ੁਲਾਮ ਓਵਰਸੀਅਰ' ਬਣ ਕੇ ਦਿੱਲੀ ਤੇ ਨਾਗਪੁਰ ਦੇ ਹੁਕਮਾਂ ਨੂੰ ਲਾਗੂ ਕਰਨ ਲਈ ਤਿਆਰ ਹਨ। ਭਾਰਤੀ ਹਕੂਮਤ ਦੀਆਂ ਨੌਕਰੀਆਂ ਕਰਦੇ ਬਹੁਤੇ ਸਿੱਖ ਇਸੇ ਬਿਰਤੀ ਤਹਿਤ ਸਿੱਖੀ ਤੇ ਸਿੱਖਾਂ ਨੂੰ ਨਿਸ਼ਾਨਾ ਬਣਾ ਰਹੇ ਹਨ। ਖੁਫ਼ੀਆ ਏਜੰਸੀਆਂ ਨੇ ਵੀ ਇਹੋ ਜਿਹੇ ਬਥੇਰੇ ਢੰਗ-ਤਰੀਕੇ ਅਪਣਾਏ ਹੋਏ ਹਨ, ਜਿਨ੍ਹਾਂ ਵਿੱਚ ਸਿੱਖਾਂ । ਮੋਹਰਾ ਬਣਾ ਕੇ ਪੰਥ ਦਾ ਘਾਣ ਕੀਤਾ ਜਾ ਰਿਹਾ ਹੈ। ਪਰ ਸਭ ਤੋਂ ਖਤਰਨਾਕ ਉਹ ਸਿਆਸੀ ਸਿੱਖ ਹਨ ਜੋ ਹਿੰਦੋਸਤਾਨੀ ਹਕੂਮਤ ਦੇ ਸਿੱਖ ਮਾਰੂ ਏਜੰਡੇ ਨੂੰ ਲਾਗੂ ਕਰ ਰਹੇ ਹਨ। ਮੌਜੂਦਾ ਦੌਰ ਵਿੱਚ ਬਾਦਲ ਦਲ ਇਹ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾ ਰਿਹਾ ਹੈ। ਸਿੱਖਾਂ ਨੂੰ ਆਪਣੇ ਧਰਮ, ਆਪਣੀਆਂ ਸੰਸਥਾਵਾਂ, ਆਪਣੀ ਵਿਚਾਰਧਾਰਾ ਦੀ ਰਾਖੀ ਲਈ ਵੀ ਇਜ਼ਾਜਤ ਨਹੀਂ। ਦੁਨੀਆਂ ਜਾਪਦਾ ਹੋਣਾ ਹੈ ਕਿ ਇੱਕ ਸਿੱਖ ਪਰਿਵਾਰ ਵਿੱਚੋਂ ਹੀ ਪੰਜਾਬ ਦਾ ਮੁੱਖ ਮੰਤਰੀ ਹੈ ਤੇ ਸਿੱਖ ਹੀ ਸ਼੍ਰੋਮਣੀ ਕਮੇਟੀ ਦਾ ਪ੍ਰਧਾਨ ਹੈ ਤੇ ਸਿੱਖ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਹੈ ਪਰ ਇਹ ਹਕੀਕਤ ਕੋਈ ਵਿਰਲਾ ਹੀ ਸਮਝਦਾ ਹੈ ਕਿ ਅਸਲ ਵਿਚ ਇਹਨਾਂ ਲੋਕਾਂ ਦੇ ਚਿਹਰੇ-ਮੋਹਰੇ ਹੀ ਸਿੱਖਾਂ ਵਾਲੇ ਹਨ, ਇਹਨਾਂ ਦੀ ਸੋਚ ਤਾਂ ਹਿੰਦੂ-ਹਾਕਮਾਂ ਦੇ ਹੁਕਮ ਮੰਨਣ ਵਾਲੀ ਹੈ। ਅੱਜ ਸਿੱਖ ਕਲਪਦੇ ਫਿਰਦੇ ਹਨ। ਉਹ ਸਿੱਖ ਜਿਨ੍ਹਾਂ ਦੇ ਗੁਰੂ ਸਾਹਿਬਾਨ ਨੇ ਹਿੰਦੂਆਂ ਦੇ ਮਨੁੱਖੀ ਹੱਕਾਂ ਲਈ ਸ਼ਹਾਦਤ ਦਿੱਤੀ, ਉਹ ਸਿੱਖ ਜਿਨ੍ਹਾਂ ਨੇ ਹਿੰਦੂਆਂ ਨੂੰ ਬਚਾਉਣ ਲਈ ਮੁਗਲਾਂ-ਪਠਾਣਾਂ-ਅਫਗਾਨਾਂ ਤੇ ਹੋਰ ਹਮਲਾਵਰਾਂ ਨਾਲ ਟੱਕਰ ਲਈ, ਅੱਜ ਉਹਨਾਂ ਦੇ ਮਨੁੱਖੀ ਹੱਕ ਹਿੰਦੂਆਂ ਨੇ ਦੱਬ ਲਏ ਹਨ। ਅੱਜ ਯੂ.ਐਨ.ਓ. ਵਰਗੀਆਂ ਸੰਸਥਾਵਾਂ ਸਾਰੀ ਦੁਨੀਆਂ ਵਿਚ ਮਨੁੱਖੀ ਹੱਕਾਂ ਦੀ ਰਾਖੀ ਲਈ ਯਤਨਸ਼ੀਲ ਹਨ ਪਰ ਦੁਨੀਆਂ ਭਰ ਦੇ ਲੋਕਾਂ ਸਾਹਮਣੇ ਸਿੱਖ ਪੂਰੇ ਰੋਸ ਨਾਲ ਪੁੱਛਦੇ ਹਨ ਕਿ ਕਿੱਥੇ ਹਨ ਸਿੱਖਾਂ ਦੇ ਮਨੁੱਖੀ ਅਧਿਕਾਰ ? ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਇੱਕ ਬੇਮਿਸਾਲ ਉਦਾਹਰਣ ਹੈ ਕਿਉਂਕਿ ਜਿਹੜੀ ਗੱਲ ਨੂੰ ਕੋਈ ਪ੍ਰਵਾਨ ਕਰਦਾ ਹੋਵੇ, ਉਸ ਲਈ ਕੁਰਬਾਨ ਹੋਣ ਨਾਲੋਂ, ਉਸ ਗੱਲ ਲਈ ਸ਼ਹਾਦਤ ਦੇਣੀ ਹੋਰ ਵੀ ਵੱਡੀ ਗੱਲ ਹੈ ਜਿਹੜੀ ਉਹ ਪ੍ਰਵਾਨ ਨਾ ਕਰਦਾ ਹੋਵੇ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਹਿੰਦੂ ਮੱਤ ਨੂੰ ਨਹੀਂ ਮੰਨਦੇ ਸਨ ਪਰ ਹਿੰਦੂਆਂ ਉੱਤੇ ਹੋ ਰਹੇ ਜਬਰ-ਜ਼ੁਲਮ ਵਿਰੁੱਧ, ਮਨੁੱਖੀ ਹੱਕਾਂ ਅਤੇ ਵੱਖਰੇ ਵਿਚਾਰ ਰੱਖਣ ਵਾਲਿਆਂ ਦੀ ਰਾਖੀ ਲਈ ਸੀਸ ਭੇਟ ਕੀਤਾ। ਪਰ ਅੱਜ ਮੌਜੂਦਾ ਭਾਰਤੀ ਸਿਸਟਮ ਵਿੱਚ ਸਿੱਖਾਂ ਦੇ ਹੀ ਮਨੁੱਖੀ ਹੱਕ ਖੋਹੇ ਜਾ ਰਹੇ ਹਨ। ਸਿੱਖਾਂ ਦੇ ਮਨੁੱਖੀ ਹੱਕ ਨੂੰ ਖੋਹਣ ਵਾਲੇ ਹਿੰਦੂ-ਆਗੂ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਨੂੰ ਭੁੱਲ ਕੇ ਅਕ੍ਰਿਤਘਣਤਾ ਵਿਖਾ ਰਹੇ ਹਨ।

**ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ**
**ਮੋ: 8872293883.**

# ਭਾਰਤੀ ਝੰਡੇ ਵਾਲੇ ਜਹਾਜ਼ 'ਤੇ ਹਮਲਾ:ਜਹਾਜ਼ ਡੁੱਬਿਆ

ਦਿੱਲੀ:ਭਾਰਤੀ ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਮੰਗਲਵਾਰ ਨੂੰ ਯਮਨ ਦੇ ਤਟ ਨੇੜੇ ਲਾਲ ਸਾਗਰ ਵਿੱਚ 13 ਭਾਰਤੀ ਨਾਗਰਿਕਾਂ ਨਾਲ ਸਵਾਰ ਭਾਰਤੀ ਝੰਡੇ ਵਾਲੇ ਮਾਲਵਾਹਕ ਜਹਾਜ਼ 'ਤੇ ਹਮਲਾ ਕੀਤਾ ਗਿਆ ਜਿਸ ਤੋਂ ਬਾਅਦ ਜਹਾਜ਼ ਡੁੱਬ ਗਿਆ। ਮੰਤਰਾਲੇ ਨੇ ਪੁਸ਼ਟੀ ਕੀਤੀ ਹੈ ਕਿ ਸਾਰੇ 13 ਭਾਰਤੀਆਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ। ਨਵੀਂ ਦਿੱਲੀ ਨੇ ਇਸ ਹਮਲੇ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਇਸ ਖੇਤਰ ਵਿੱਚ ਵਪਾਰਕ ਜਹਾਜ਼ਾਂ ਨੂੰ ਨਿਸ਼ਾਨਾ ਬਣਾਉਣ ਦਾ ਸਿਲਸਿਲਾ ਬੰਦ ਹੋਣਾ ਚਾਹੀਦਾ ਹੈ।





VELOCITY
TRUCK CENTRES
YOUR ALL-MAKES,
ALL-MODELS PARTS HUB
ਇੱਕ ਗਲੋਬਲ ਇਨਵੈਂਟੋਰੀ ਅਤੇ DTNA ਡਿਸਟ੍ਰੀਬਿਊਸ਼ਨ ਨੈੱਟਵਰਕ ਦੁਆਰਾ ਸਮਰਥਿਤ
ਅਸੀਂ ਤੁਹਾਡੇ ਫਲੀਟ ਨੂੰ ਚਲਦੇ ਰੱਖਦੇ ਹਾਂ। ਹੈਵੀ-ਡਿਊਟੀ ਟਰੱਕਾਂ ਅਤੇ ਟ੍ਰੇਲਰਾਂ ਤੋਂ ਲੈ ਕੇ ਮੋਟਰਹੋਮਾਂ ਤੱਕ
ਅਸੀਂ ਤੁਹਾਨੂੰ ਲੋੜੀਂਦੇ ਪੁਰਜ਼ੇ ਪ੍ਰਦਾਨ ਕਰਦੇ ਹਾਂ ਜਿਸ ਵਿੱਚ ਡੇਟ੍ਰੋਇਟ ਡੀਜ਼ਲ, ਕਮਿੰਸ ਅਤੇ CAT ਸ਼ਾਮਲ ਹਨ।
ਪਾਰਟਸ ਲਈ ਵੇਲੋਸਿਟੀ ਕਿਉਂ ਚੁਣੋ?
ਇੱਕ ਗਲੋਬਲ ਡੀਲਰ ਨੈੱਟਵਰਕ ਤੱਕ ਪਹੁੰਚ
ਡਿਲੀਵਰੀ ਅਤੇ ਸਹਾਇਤਾ ਲਈ ਸਮਰਪਿਤ ਬਾਹਰੀ ਪ੍ਰਤੀਨਿਧ
ਅਸੈਸਰੀਜ ਅਤੇ ਕਸਟਮਾਈਜੇਸ਼ਨ ਆਪਸ਼ਨਜ
ਸਾਡੀ ਮਾਹਰ ਸੇਵਾ ਟੀਮ ਦੁਆਰਾ ਇੰਸਟਾਲੇਸ਼ਨ ਸਰਵਿਸ
PART SPECIALS
Monthly Specials
ਨਾਲ ਲੋੜੀਂਦੇ ਪੁਰਜ਼ਿਆਂ
ਤੇ ਬੱਚਤ ਕਰੋ!
DTNA Parts
ALLIANCE TRUCK PARTS
Cummins
DETROIT
ਆਸਾਨੀ ਨਾਲ ਪਾਰਟਸ ਆਰਡਰ ਕਰੋ
ਐਕਸਲੇਰੇਟਰਪਾਰਟਸ ਡਾਟ ਕਾਮ ਅਤੇ ਇਨਰ ਸਰਕਲ ਰਿਵਾਰਡਸਐਸਐਮ
ਪ੍ਰੋਗਰਾਮ ਰਾਹੀਂ, ਪਾਰਟਸ ਆਰਡਰ ਕਰਨਾ ਕਦੇ ਵੀ ਸੌਖਾ ਨਹੀਂ ਰਿਹਾ:
* ਪਾਰਟਸ 'ਤੇ ਵੱਧ ਤੋਂ ਵੱਧ ਛੋਟ
* ਵਿਸ਼ੇਸ਼ ਪੇਸ਼ਕਸ਼ਾਂ ਅਤੇ ਵਾਰ-ਵਾਰ ਪ੍ਰੋਮੋਸ਼ਨ
* ਤੇਜ਼, ਸਰਲ VIN-ਅਧਾਰਤ ਆਰਡਰ
ਅੱਜ ਹੀ ਇਨਰ ਸਰਕਲ ਰਿਵਾਰਡਸ ਵਿੱਚ ਸ਼ਾਮਲ ਹੋਵੋ। ਬੱਚਤ ਸ਼ੁਰੂ ਕਰਨ
ਲਈ ਆਪਣੇ ਵੇਲੋਸਿਟੀ ਪਾਰਟਸ ਪ੍ਰਤੀਨਿਧੀ ਨਾਲ ਸੰਪਰਕ ਕਰੋ।
EXCELERATOR℠
INNER CIRCLE REWARDS
Search, Find, Buy
ExceleratorParts.com
672.727.9560 | 604.888.1424 | velocitytruckcentres.ca
18688 - 96th Ave, Surrey, BC, V4N 3P9, Canada
Call: 672-727-9560

B Section Spread Page Seperate file

B Section Spread Page Seperate file

# ਗੁਰਦਵਾਰਾ ਨਾਨਕ ਨਿਵਾਸ




8600 - NO. 5 RD., RICHMOND, B.C. • TEL: (604)274-7479, FAX: (604) 274-0046

## ਆਉਣ ਵਾਲੇ ਪ੍ਰੋਗਰਾਮ

6 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਮੱਖਣ ਰਾਏ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

7 ਅਗਸਤ ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਨਰਿੰਦਰ ਸਿੰਘ ਮਾਨ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

8 ਅਗਸਤ ਦਿਨ ਸ਼ਨੀਵਾਰ ਸਵੇਰੇ 10 ਵਜੇ ਬਰਜਿੰਦਰ ਸਿੰਘ ਢਿੱਲੋਂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

ਸ਼੍ਰੀ ਹਰਿਕ੍ਰਿਸ਼ਨ ਧਿਆਈਐ ਜਿਸੁ ਡਿਠੇ ਸਭਿ ਦੁਖਿ ਜਾਇ॥

ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਆਪ ਸੰਗਤਾਂ ਨੂੰ ਬਹੁਤ ਬਹੁਤ ਵਧਾਈਆਂ

9 ਅਗਸਤ ਦਿਨ ਐਤਵਾਰ ਸਵੇਰੇ 9:30 ਵਜੇ ਹਫ਼ਤਾਵਾਰੀ ਦੀਵਾਨ 'ਚ ਸ਼੍ਰੀ ਹਰਕ੍ਰਿਸ਼ਨ ਜੀ ਦੇ ਪ੍ਰਕਾਸ਼ ਪੁਰਬ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਗੁਰਬਾਣੀ ਕੀਰਤਨ ਕਥਾ ਵਿਚਾਰ ਤੇ ਲੰਗਰਾਂ ਦੀ ਸੇਵਾ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਜਾਵੇਗੀ।

10 ਅਗਸਤ ਦਿਨ ਸੋਮਵਾਰ ਸਵੇਰੇ 10 ਵਜੇ ਨਤਾਸ਼ਾ ਖੰਗੂਰਾ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

12 ਅਗਸਤ ਦਿਨ ਬੁੱਧਵਾਰ ਸਵੇਰੇ 10 ਵਜੇ ਹਰਕੀਰਤ ਸਿੰਘ ਸੰਧੂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

13 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਕਮਲਦੀਪ ਸਿੰਘ ਅਟਵਾਲ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

14 ਅਗਸਤ ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਰਾਜਪਾਲ ਸਿੰਘ ਮੱਟੂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

15 ਅਗਸਤ ਦਿਨ ਸ਼ਨੀਵਾਰ ਸਵੇਰੇ 10 ਵਜੇ ਬਲਜੀਤ ਸਿੰਘ ਢਿੱਲੋਂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥

16 ਅਗਸਤ ਦਿਨ ਐਤਵਾਰ ਸਵੇਰੇ 9.30 ਵਜੇ ਬਾਸੀ ਪਰਿਵਾਰ ਵੱਲੋਂ ਰਣਜੀਤ ਰਾਣੀ ਬਾਸੀ ਦੀ ਯਾਦ ਮਨਾਉਂਦਿਆਂ ਹੋਇਆ ਹਫ਼ਤਾਵਾਰੀ ਦੀਵਾਨ 'ਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਗੁਰਬਾਣੀ ਕੀਰਤਨ ਤੇ ਲੰਗਰਾਂ ਦੀ ਸੇਵਾ ਬਾਸੀ ਪਰਿਵਾਰ ਵੱਲੋਂ ਹੋਵੇਗੀ।

16 ਅਗਸਤ ਦਿਨ ਐਤਵਾਰ ਸ਼ਾਮ 6 ਵਜੇ ਭਾਦਰੋਂ ਦੇ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ ਸ਼ਾਮ ਦੇ ਦੀਵਾਨ ਵਿੱਚ ਗੁਰਬਾਣੀ ਕੀਰਤਨ, ਕਥਾ ਵਿਚਾਰਾਂ ਤੇ ਲੰਗਰਾਂ ਦੀ ਸੇਵਾ ਸਮੂਹ ਸੰਗਤਾਂ ਤੇ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹੋਵੇਗੀ।

20 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਹਰਵਿੰਦਰ ਕੌਰ ਧਾਲੀਵਾਲ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

ਸਮੂਹ ਸੰਗਤ ਨੂੰ ਬੇਨਤੀ ਹੈ ਕਿ ਹਰ ਐਤਵਾਰ ਸਵੇਰੇ 10.30 ਵਜੇ ਤੋਂ 12 ਵਜੇ ਤੱਕ ਹਫ਼ਤਾਵਾਰੀ ਕੀਰਤਨ, ਕਥਾ ਸਮਾਗਮ ਹੁੰਦੇ ਹਨ, ਸੰਗਤ ਨੂੰ ਸੱਦਾ ਦਿੱਤਾ ਜਾਂਦਾ ਹੈ ਕਿ ਹਫ਼ਤਾਵਾਰੀ ਸਮਾਗਮ ਵਿੱਚ ਆ ਕੇ ਆਪਣੇ ਜੀਵਨ ਨੂੰ ਸਫਲ ਕਰੋ। ਜੇ ਕਿਸੇ ਪਰਿਵਾਰ ਨੇ ਹਫ਼ਤਾਵਾਰੀ ਦੀਵਾਨ ਵਿੱਚ ਗੁਰਬਾਣੀ ਕੀਰਤਨ ਤੇ ਲੰਗਰਾਂ ਦੀ ਸੇਵਾ ਲੈਣੀ ਹੋਵੇ ਉਹ ਪਰਿਵਾਰ ਪ੍ਰਬੰਧਕ ਕਮੇਟੀ ਨਾਲ ਸੰਪਰਕ ਕਰੋ।

ਜਰੂਰੀ ਸੂਚਨਾ: ਪੰਜਾਬੀ ਸਕੂਲ ਦੀਆਂ ਕਲਾਸਾਂ ਦਾ ਅਗਲਾ ਸੈਸ਼ਨ ਸਤੰਬਰ ਵਿਚ ਸ਼ੁਰੂ ਹੋਵੇਗਾ। ਬੇਨਤੀ ਹੈ ਕਿ ਆਪਣੇ ਬੱਚਿਆਂ ਨੂੰ ਸਕੂਲ ਵਿਚ ਦਾਖਲ ਕਰਵਾਉ ਤਾਂ ਜੋ ਬੱਚੇ ਪੰਜਾਬੀ ਬੋਲ, ਪੜ੍ਹ ਤੇ ਲਿਖ ਸਕਣ। ਵਧੇਰੇ ਜਾਣਕਾਰੀ ਲਈ ਸਕੱਤਰ ਸ. ਬਲਵੰਤ ਸਿੰਘ ਸੰਘੇੜਾ ਨਾਲ 604-836-8976 ਤੇ ਸੰਪਰਕ ਕਰੋ।

**ਹਰ ਮੰਗਲਵਾਰ ਸਵੇਰੇ 10 ਵਜੇ ਬੀਬੀਆਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕੀਤੇ ਜਾਂਦੇ ਹਨ ਅਤੇ ਲੰਗਰਾਂ ਦੀ ਸੇਵਾ ਸਮੂਹ ਸੁਖਮਨੀ ਸਾਹਿਬ ਵਾਲੀਆਂ ਬੀਬੀਆਂ ਵੱਲੋਂ ਹੁੰਦੀ ਹੈ**

### ਰੋਜ਼ਾਨਾ ਪ੍ਰੋਗਰਾਮ:

ਸਵੇਰੇ 5:00 ਪ੍ਰਕਾਸ਼ ਗੁਰੂ ਗ੍ਰੰਥ ਸਾਹਿਬ, ਸਵੇਰੇ 6:00 ਤੋਂ 6:45 ਨਿਤਨੇਮ, ਸਵੇਰੇ 7:00 ਤੋਂ 7:30 ਕੀਰਤਨ ਦੀਵਾਨ, ਸਵੇਰੇ 7:30 ਤੋਂ 7:45 ਕਥਾ, ਸਵੇਰੇ 7:45 ਤੋਂ 8:00 ਅਰਦਾਸ ਸਮਾਪਤੀ

### ਸ਼ਾਮ ਦੇ ਦੀਵਾਨ:

ਰਹਿਰਾਸ ਸਾਹਿਬ ਸ਼ਾਮ 6 ਤੋਂ 6:20 ਵਜੇ ਤੱਕ ਕੀਰਤਨ/ਅਰਦਾਸ/ਹੁਕਮਨਾਮਾ 6.20 ਤੋਂ 6.45 ਵਜੇ ਤੱਕ ਸੁਖਆਸਣ ਰਾਤ 8:00 ਵਜੇ

| ਪ੍ਰਧਾਨ | ਖਜ਼ਾਨਚੀ | ਸਕੱਤਰ | ਸਹਾਇਕ ਸਕੱਤਰ |
|---|---|---|---|
| ਮੋਹਨ ਸਿੰਘ ਸੰਧੂ | ਕਮਲਜੀਤ ਸਿੰਘ ਦੁਸਾਂਝ | ਬਲਵੰਤ ਸਿੰਘ ਸੰਘੇੜਾ | ਕੰਵਰਜੀਤ ਸਿੰਘ ਸਹੋਤਾ |

## ਗੁਰਦੁਆਰਾ ਸਾਹਿਬ ਦਾ ਫੋਨ:604-274-7479

Email:iccc8600@gmail.com

# ਕਸ਼ਮੀਰ ਵਿਵਾਦ ਸੰਯੁਕਤ ਰਾਸ਼ਟਰ ਦੇ ਮਤੇ ਦੀ ਕਰ ਰਿਹਾ ਹੈ ਉਡੀਕ

ਇਸਲਾਮਾਬਾਦ: ਇੰਟਰ-ਸਰਵਿਸਿਜ਼ ਪਬਲਿਕ ਰਿਲੇਸ਼ਨਜ਼ (ਆਈਐਸਪੀਆਰ) ਦੇ ਡਾਇਰੈਕਟਰ ਜਨਰਲ, ਲੈਫਟੀਨੈਂਟ ਜਨਰਲ ਅਹਿਮਦ ਸ਼ਰੀਫ ਚੌਧਰੀ ਨੇ ਕਸ਼ਮੀਰ ਵਿਵਾਦ 'ਤੇ ਪਾਕਿਸਤਾਨ ਦੇ ਅਟੱਲ ਰੁਖ਼ ਦੀ ਪੁਸ਼ਟੀ ਕਰਦਿਆਂ ਕਿਹਾ ਹੈ ਕਿ ਕਸ਼ਮੀਰ ਪਾਕਿਸਤਾਨ ਦੀ ਗਲੇ ਦੀ ਨਸ ਸੀ, ਹੈ ਅਤੇ ਰਹੇਗਾ ਅਤੇ ਵਿਵਾਦਿਤ ਖੇਤਰ ਦੇ ਭਵਿੱਖ ਦਾ ਫੈਸਲਾ ਕਸ਼ਮੀਰੀ ਲੋਕਾਂ ਦੁਆਰਾ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਮਤਿਆਂ ਅਨੁਸਾਰ ਕੀਤਾ ਜਾਣਾ ਚਾਹੀਦਾ ਹੈ।ਦੇਸ਼ ਦੀ ਸਮੁੱਚੀ ਸੁਰੱਖਿਆ ਸਥਿਤੀ, ਖਾਸ ਕਰਕੇ ਬਲੋਚਿਸਤਾਨ 'ਤੇ ਕੇਂਦ੍ਰਿਤ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਲੈਫਟੀਨੈਂਟ ਜਨਰਲ ਅਹਿਮਦ ਸ਼ਰੀਫ ਚੌਧਰੀ ਨੇ ਕਸ਼ਮੀਰ ਵਿਵਾਦ ਨੂੰ 1947 ਦੀ ਵੰਡ ਦਾ ਅਧੂਰਾ ਏਜੰਡਾ ਦੱਸਿਆ ਅਤੇ ਜ਼ੋਰ ਦਿੱਤਾ ਕਿ ਜੰਮੂ ਅਤੇ ਕਸ਼ਮੀਰ ਦੇ ਲੋਕਾਂ ਨੂੰ ਹੀ ਇੱਕ ਨਿਰਪੱਖ ਅਤੇ ਸੁਤੰਤਰ ਪ੍ਰਕਿਰਿਆ ਰਾਹੀਂ ਇਹ ਫੈਸਲਾ ਕਰਨ ਦਾ ਅਧਿਕਾਰ ਹੈ ਕਿ ਪਾਕਿਸਤਾਨ ਵਿੱਚ ਸ਼ਾਮਲ ਹੋਣਾ ਹੈ ਜਾਂ ਭਾਰਤ ਵਿੱਚ।ਉਨ੍ਹਾਂ ਕਸ਼ਮੀਰ ਨੂੰ ਪਾਕਿਸਤਾਨ ਦਾ "ਪਸੰਦੀਦਾ ਅਤੇ ਸਭ ਤੋਂ ਪਸੰਦੀਦਾ ਬੱਚਾ" ਦੱਸਿਆ ਅਤੇ ਕਿਹਾ ਕਿ ਪਾਕਿਸਤਾਨ ਅਤੇ ਕਸ਼ਮੀਰ ਅਟੁੱਟ ਹਨ। "ਪਾਕਿਸਤਾਨ ਤੋਂ ਸਿਰਫ਼ ਇੱਕ ਹੀ ਆਵਾਜ਼ ਆਉਂਦੀ ਹੈ: 'ਕਸ਼ਮੀਰ ਬਣੇਗਾ ਪਾਕਿਸਤਾਨ'। ਅਤੇ ਕਸ਼ਮੀਰ ਤੋਂ ਆਵਾਜ਼ ਇਹ ਹੈ ਕਿ 'ਅਸੀਂ ਪਾਕਿਸਤਾਨੀ ਹਾਂ'"। ਉਨ੍ਹਾਂ ਅੱਗੇ ਕਿਹਾ, "ਇਸ ਨੂੰ ਕੁਝ ਵੀ ਨਹੀਂ ਬਦਲ ਸਕਦਾ ਕਿਉਂਕਿ ਅਸੀਂ ਇੱਕ ਕਾਨੂੰਨੀ, ਸਿਧਾਂਤਕ ਅਤੇ ਸੰਵਿਧਾਨਕ ਰਸਤਾ ਅਪਣਾਇਆ ਹੈ। ਕਸ਼ਮੀਰ ਵੰਡ ਦਾ ਅਧੂਰਾ ਏਜੰਡਾ ਬਣਿਆ ਹੋਇਆ ਹੈ ਅਤੇ ਇਸਦਾ ਫੈਸਲਾ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਮਤਿਆਂ ਅਤੇ ਕਸ਼ਮੀਰੀ ਲੋਕਾਂ ਦੇ ਸਵੈ-ਨਿਰਣੇ ਦੇ ਅਧਿਕਾਰ ਅਨੁਸਾਰ ਕੀਤਾ ਜਾਣਾ ਚਾਹੀਦਾ ਹੈ।

## ਇੰਡੋ ਕਨੇਡੀਅਨ ਸੀਨੀਅਰ ਸੁਸਾਇਟੀ ਐਬਟਸਫੋਰਡ ਬੀ ਸੀ ਕਨੇਡਾ

### ਪਿਕਨਿਕ ਅਤੇ ਸਿਹਤ ਜਾਗਰੂਕਤਾ ਬਾਰੇ ਸੈਮੀਨਾਰ

ਉਪਰੋਕਤ ਵਿਸ਼ੇ ਸਬੰਧੀ ਸਾਰੇ ਸੁਸਾਇਟੀ ਮੈਂਬਰ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਲਿਖੇ ਵੇਰਵੇ ਅਨੁਸਾਰ ਸੀਨੀਅਰ ਸੋਸਾਇਟੀ ਵੱਲੋਂ ਪਿਕਨਿਕ ਅਤੇ ਸਿਹਤ ਜਾਗਰੂਕਤਾ ਬਾਰੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਸਾਰੇ ਸੁਸਾਇਟੀ ਮੈਂਬਰਜ਼ ਨੂੰ ਸਮੇਂ ਸਿਰ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ


1. ਵੇਰਵਾ: ਮਿਤੀ 14 ਅਗਸਤ 2026 ਦਿਨ ਸ਼ੁਕਰਵਾਰ ਸਮਾਂ ਸਵੇਰੇ 11 ਤੋਂ 5 ਵਜ਼ੇ ਸ਼ਾਮ ਤੱਕ।
2. ਸਥਾਨ:Mattsqi Village Park
3. ਆਉਣ ਜਾਣ ਦਾ ਪ੍ਰਬੰਧ ਮੈਂਬਰ ਦਾ ਆਪਣਾ ਹੋਵੇਗਾ।
4. ਖਾਲਸਾ ਦੀਵਾਨ ਸੁਸਾਇਟੀ ਐਬਸਫੋਰਡ ਦੇ ਗੁਰਦੁਆਰਾ ਸਾਹਿਬ ਦੇ ਨੇੜਲੇ ਬੱਸ ਸੈਂਟਰ ਤੋਂ ਬੱਸ ਨੰਬਰ 31 ਏ (31A) ਮਾਸਕੀ ਮਿਸ਼ਨ ਨੂੰ ਜਾਂਦੀ ਹੈ ।
5. ਨੋਟ:-ਲਾਈਫ ਟਾਈਮ ਮੈਂਬਰ ਹੀ ਪਿਕਨਿਕ ਸੈਮੀਨਾਰ ਵਿੱਚ ਸ਼ਾਮਿਲ ਹੋ ਸਕਦੇ ਹਨ ਖਾਣ ਪੀਣ ਦਾ ਪ੍ਰਬੰਧ ਸਸਾਇਟੀ ਵੱਲੋਂ ਹੋਵੇਗਾ।

ਧੰਨਵਾਦ ਸਾਹਿਤ

ਸੁਖਦੇਵ ਸਿੰਘ ਬਰਾੜ (ਪ੍ਰਧਾਨ)

ਸੁਖਦੇਵ ਸਿੰਘ ਮੱਲੀ (ਜਨਰਲ ਸਕੱਤਰ)

ਸਮੂਹ ਪ੍ਰਬੰਧਕ ਕਮੇਟੀ

INDOOR WATER FALLS BY:
KALSI
Aluminum Products
• Patio Covers
• Sunrooms
• Aluminium & Glass Railing
• Fences
• Gate
• Security Bars
• Water Falls

Bring WATERFALL
In Your Office/House
Call a Professional Installer, Not A Salesman
604-763-5679
#108-13030-115Ave, Surrey, BC
www.kalsialuminum.com

ਮਨ ਮਨੁੱਖ ਦੀ ਕੁੰਜੀ ਹੈ Mind is the key to the man.
NATURAL HOMEOPATHIC SOLUTIONS
Homeopathic Natural Products And Consultations
• Stress • Obesity & Weight Management & much more
2nd Location at Abbotsford also
#1, 32056 Cedar Park
(Above Dr. Chan Medical Clinic)
CALL Dr. Shveta : 604-304-2236
MBBS, MD & DHMHS (ONT.)
• Children & Ladies Problems and much more
We Have Effective New Medicines Based On Latest Research For The Cure Of:
• Allergy Conditions
• Colitis • De-addiction
• Migraine • Sexual Problems
• Arthritis • Stress Anxiety
• All Auto-Immune Diseases

"Homeopath R S Saini receiving International Award"
Director, West coast Homeopathic Society of Canada
Dr.R S Saini & Dr. Shveta Has The Latest Knowledge For The Cure Of These Diseases.
ਹੋਮਿਊਪੈਥ ਆਰ. ਐਸ. ਸੈਣੀ D.HOM. (London), MD(AM), International Medal Awardee 1973 ਤੋ ਐਕਟਿਵ ਪ੍ਰੈਕਟਿਸ ਵਿੱਚ
For Abbotsford
#1, 32056 Cedar Park (Above Dr. Chan Medical Clinic)
Appointments Call Dr. Shveta
MBBS, MD & DHMHS (ONT.)
604-304-2236
For Surrey
231-8138-128 ST., SURREY
(2ND FLOOR PAYAL BUSINESS CENTER)
604-502-9579
www.homeopathsaini.com

THE CARPLAZA CAR ACCESSORIES
THE CARPLAZA
CAR ACCESSORIES
All Types Of Car Accessories & Installation Available
ਇਥੋਂ ਤੁਸੀਂ ਹਰੇਕ ਤਰ੍ਹਾਂ ਦੀ Car Accessory ਲੈ ਸਕਦੇ ਹੋ


*Seat Covers *Matts
*Woofers & Ambient Lights
*Android Car Player Available

Especially For Uber & Lyft Camera
778-977-0032, 778-713-6949
#5-12357-82A Ave, Surrey, BC

# ਗੁਰਮੋਹ ਗਿੱਲ ਦੇ ਇਲਾਜ ਲਈ ਸ਼ਲਾਘਾ ਯੋਗ ਉਪਰਾਲੇ




ਸਰ੍ਹੀ: ਤਿੰਨ ਸਾਲਾ ਬਹੁਤ ਹੀ ਪਿਆਰਾ ਬੱਚਾ ਗੁਰਮੋਹ ਸਿੰਘ ਗਿੱਲ ਇਕ ਬਹੁਤ ਹੀ ਖਤਰਨਾਕ ਬਿਮਾਰੀ ਨਾਲ ਜੂਝ ਰਿਹਾ ਹੈ।ਉਸ ਦੇ ਪਿਤਾ ਡਾਕਟਰ ਸਟਾਲਿਨਜੀਤ ਸਿੰਘ ਗਿੱਲ ਅਤੇ ਮਾਤਾ ਡਾਕਟਰ ਨਵਪਰੀਤ ਕੋਰ ਗਿੱਲ ਦੇ ਜੀਵਨ ਵਿਚ ਆਏ ਇਸ ਭੁਚਾਲ ਨੇ ਪ੍ਰਵਾਰ ਨੂੰ ਬਹੁਤ ਵੱਡਾ ਝਟਕਾ ਦੇ ਦਿੱਤਾ ਹੈ। ਗੁਰਮੋਹ ਦੇ ਰੋਗ ਦਾ ਇਲਾਜ ਲੱਭਣ ਲਈ ਮਗਿਲ ਯੂਨੀਵਰਸਟੀ ਮੌਂਟਰੀਆਲ ਅਤੇ ਬਰਕਲੇ ਯੂਨੀਵਰਸਟੀ ਕੈਲੇਫੋਰਨੀਆਂ ਵਿਖੇ ਮਾਹਰ ਇਸ ਦਾ ਇਲਾਜ ਲੱਭਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਇਸ ਲਈ $8 ਮਿਲੀਅਨ ਦੀ ਲੋੜ ਹੈ। ਗਿੱਲ ਪਰਿਵਾਰ ਨੇ ਬੀ.ਸੀ. ਅਤੇ ਫੈਡਰਲ ਗੌਰਮਿੰਟ ਨੂੰ ਮਾਇਕ ਸਹਾਇਤਾ ਲਈ ਪਹੁੰਚ ਕੀਤੀ ਹੈ ਪਰ ਹਾਲੇ ਉਹਨਾਂ ਵਲੋਂ ਕੋਈ ਭਰਵਾਂ ਹੁੰਗਾਰਾ ਨਹੀਂ ਮਿਲਿਆ।ਪਰ ਗੁਰਮੋਹ ਦੀ ਮਦਦ ਲਈ ਸਾਊਥ ਏਸ਼ੀਅਨ ਮੀਡੀਆ, ਮੇਨਸਟਰੀਮ ਮੀਡੀਆਂ ਅਤੇ ਸਾਡੀ ਕਮਿਊਨਿਟੀ ਵਲੋਂ ਬਹੁਤ ਹੀ ਹੌਸਲੇ ਵਾਲਾ ਭਰਵਾਂ ਹੁੰਗਾਰਾ ਮਿਲਿਆ ਹੈ। ਇਹਨਾਂ ਸਭ ਉਪਰਾਲਿਆਂ ਸਦਕਾ ਹੁਣ ਤਕ ਗਿੱਲ ਪਰਿਵਾਰ ਨੇ ਤਕਰੀਬਨ $3 ਮਿਲੀਅਨ ਦੀ ਰਕਮ ਗੁਰਮੋਹ ਦੇ ਇਲਾਜ ਲਈ ਇਕੱਠੀ ਕਰ ਲਈ ਹੈ। ਪਰ ਹਾਲੇ ਭੀ ਬਹੁਤ ਹੋਰ ਧੰਨ ਦੀ ਲੋੜ ਹੈ।

ਗੁਰਮੋਹ ਦਾ ਪਰਿਵਾਰ ਇਸ ਨਾਮੁਰਾਦ ਰੋਗ ਦੇ ਇਲਾਜ ਲੱਭਣ ਲਈ ਬਾਕੀ ਰਾਸ਼ੀ ਇਕੱਠੀ ਕਰਨ ਲਈ ਅਣਥੱਕ ਕੋਸ਼ਿਸ਼ਾਂ ਕਰ ਰਿਹਾ ਹੈ। ਇਸ ਸ਼ੁਭ ਕਾਰਜ ਲਈ ਸਾਡੀ ਸਾਰੀ ਕਮਿਊਨਿਟੀ ਲਾਮਬੰਦ ਹੋ ਗਈ ਹੈ ਅਤੇ ਗਿੱਲ ਪਰਿਵਾਰ ਦਾ ਪੂਰਾ ਸਾਥ ਦੇ ਰਹੀ ਹੈ।ਕਾਫੀ ਗੁਰਦਵਾਰਿਆਂ ਦੀਆਂ ਪ੍ਰਬੰਧਕ ਕਮੇਟੀਆਂ ਇਸ ਕੰਮ ਵਿਚ ਜੁੱਟੀਆਂ ਹੋਈਆਂ ਹਨ। ਖਾਲਸਾ ਦੀਵਾਨ ਸੁਸਾਇਟੀ, ਵੈਨਕੋਵਰ ਨੇ ਸੰਗਤਾਂ ਦੇ ਸਹਿਯੋਗ ਨਾਲ $35,00 ਦਾ ਇਸ ਕੰਮ ਵਿਚ ਯੋਗਦਾਨ ਪਾਇਆ ਹੈ। ਐਬਟਸਫੋਰਡ ਦੀ ਖਾਲਸਾ ਦੀਵਾਨ ਸੁਸਾਇਟੀ ਨੇ ਭੀ ਗਰੁਮੋਹ ਦੇ ਇਲਾਜ ਲਈ $61,000 ਇਕੱਠੇ ਕੀਤੇ ਹਨ।ਇਸੇ ਤਰ੍ਹਾਂ ਹੋਰ ਧਾਰਮਿਕ ਅਸਥਾਨ ਅਤੇ ਅਦਾਰੇ ਗੁਰਮੋਹ ਦੀ ਮਦਦ ਲਈ ਕੋਸ਼ਿਸ਼ਾਂ ਕਰ ਰਹੇ ਹਨ।ਇੰਡੀਆ ਕਲਚਰਲ ਸੈਂਟਰ ਆਫ ਕੈਨੇਡਾ ਗੁਰਦਵਾਰਾ ਨਾਨਕ ਨਿਵਾਸ,8600 #5 ਰੋਡ ਨੇ ਭੀ ਗੁਰਮੋਹ ਦੇ ਇਲਾਜ ਲਈ ਮਾਇਆ ਇਕੱਠੀ ਕਰਨ ਲਈ ਮੁਹਿੰਮ ਸ਼ੁਰੂ ਕਰ ਦਿੱਤੀ ਹੈ ਅਤੇ ਸੰਗਤਾਂ ਵਲੋਂ ਬਹੁਤ ਹੀ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਕੁਝ ਦਿਨ ਪਹਿਲਾਂ ਸਰ੍ਹੀ ਦੇ ਤਾਜ ਪਾਰਕ ਕਨਵੈਨਸ਼ਨ ਸੈਂਟਰ ਦੇ ਮਾਲਿਕ ਕੁਲਤਾਰਜੀਤ ਸਿੰਘ ਥਿਆਰਾ ਅਤੇ ਉਹਨਾਂ ਦੇ ਪਰਿਵਾਰ ਵਲੋਂ ਬਹੁਤ ਹੀ ਕਾਮਯਾਬ ਫੰਡ ਰੇਜਰ ਕੀਤਾ ਗਿਆ।ਇਸੇ ਤਰ੍ਹਾਂ ਕਮਿਊਨਿਟੀ ਵਲੋਂ ਹੋਰ ਭੀ ਬਹੁਤ ਸ਼ਲਾਘਾ ਯੋਗ ਉਪਰਾਲੇ ਕੀਤੇ ਜਾ ਰਹੇ ਹਨ। ਸਾਡੀ ਕਮਿਊਨਿਟੀ ਦੇ ਇਹ ਸਭ ਉਪਰਾਲੇ ਬਹੁਤ ਹੀ ਸ਼ਲਾਘਾ ਯੋਗ ਹਨ। ਪਰ ਇਹੋ ਜਿਹੀਆਂ ਭਿਆਨਿਕ ਬੀਮਾਰੀਆਂ ਦੇ ਇਲਾਜ ਲੱਭਣ ਲਈ ਸਾਡੀਆਂ ਸਰਕਾਰਾਂ ਦਾ ਭੀ ਫਰਜ ਬਣਦਾ ਹੈ।ਕੁਝ ਸਮਾਂ ਪਹਿਲਾਂ ਗੁਰਮੋਹ ਦਾ ਪਰਿਵਾਰ ਅਤੇ ਉਹਨਾਂ ਦੇ ਰਿਸ਼ਤੇਦਾਰ, ਦੋਸਤ ਮਿੱਤਰ ਅਤੇ ਸ਼ੁਭਚਿੰਤਕ ਇਹ ਆਸ ਲੈ ਕੇ ਵਿਕਟੋਰੀਆ ਗਏ ਸਨ ਅਤੇ ਬੀ.ਸੀ. ਦੀ ਸਰਕਾਰ ਨੂੰ ਸਹਾਇਤਾ ਲਈ ਅਪੀਲ ਕੀਤੀ ਸੀ। ਆਸ ਹੈ ਕਿ ਬੀ.ਸੀ. ਦੀ ਸਰਕਾਰ ਭੀ ਇਸ ਸ਼ੂਭ ਕਾਰਜ ਵਿਚ ਆਪਣਾ ਯੋਗਦਾਨ ਪਾਏਗੀ।ਪਹਿਲੀ ਅਗਸਤ ਨੂੰ ਸਵੇਰੇ10 ਵਜੇ ਸਟਾਲਿਨਜੀਤ ਸਿੰਘ ਗਿੱਲ ਨੇ ਕੈਨੇਡਾ ਪਲੇਸ ਤੋਂ ਕਾਫੀ ਦੋਸਤਾਂ,ਮਿੱਤਰਾਂ ਅਤੇ ਸ਼ੁਭਚਿੰਤਕਾਂ ਦੀ ਹਾਜਰੀ ਵਿੱਚ ਵੈਨਕੋਵਰ ਤੋਂ ਉਟਾਵਾ ਦਾ ਕਾਰ ਰਾਹੀਂ ਸਫਰ ਆਰੰਭ ਕੀਤਾ ਹੈ।ਰਸਤੇ ਵਿਚ ਉਹ ਵੱਖਰੇ ਵੱਖਰੇ ਸ਼ਹਿਰਾਂ ਅਤੇ ਗੁਰੂ ਘਰਾਂ ਵਿਖੇ ਸਹਾਇਤਾ ਲਈ ਅਪੀਲ ਕਰ ਰਹੇ ਹਨ। ਉਹ ਆਪਣੇ ਨਾਲ ਗੁਰਮੋਹ ਦੀ ਸਾਢੇ ਪੰਜ ਸਾਲ ਉਮਰ ਦੀ ਵੱਡੀ ਭੈਣ ਵਲੋਂ ਗੁਰਮੋਹ ਦੀ ਬਿਮਾਰੀ ਦੇ ਇਲਾਜ ਲਈ ਮਾਇਕ ਸਹਾਇਤਾ ਦੀ ਅਪੀਲ ਭੀ ਲਿਜਾ ਰਹੇ ਹਨ।ਸਾਨੂੰ ਆਸ ਹੇ ਕਿ ਬੀ.ਸੀ. ਅਤੇ ਉਟਾਵਾ ਵਲੋਂ ਛੇਤੀ ਹੀ ਇਸ ਸ਼ੁਭ ਕਾਰਜ ਲਈ ਭਰਵਾਂ ਹੁੰਗਾਰਾ ਮਿਲੇਗਾ।ਇਹ ਮੁਹਿੰਮ ਸਿਰਫ ਗੁਰਮੋਹ ਦੀ ਹੀ ਨਹੀਂ ਬਲਕਿ ਉਸ ਵਰਗੇ ਹਜਾਰਾਂ ਬਚਿਆਂ ਨੂੰ ਜੀਵਨ ਦਾਨ ਦੇਣ ਦੀ ਮੁਹਿੰਮ ਹੈ।ਸਾਡੀਆਂ ਸ਼ੁਭ ਕਾਮਨਾਵਾਂ ਗੁਰਮੋਹ ਅਤੇ ਉਸਦੇ ਪਰਿਵਾਰ ਨਾਲ ਹਨ।

**–ਬਲਵੰਤ ਸਿੰਘ ਸੰਘੇੜਾ**
**ਸਕੱਤਰ, ਇੰਡੀਆਂ ਕਲਚਰਲ ਸੈਂਟਰ ਆਫ ਕੈਨੇਡਾ ਗੁਰਦਵਾਰਾ ਨਾਨਕ ਨਿਵਾਸ**






# ਲਰਨਿੰਗ ਲਾਇਸੈਂਸ

**ਕਾਰ, ਟਰੱਕ/ ਮੋਟਰਸਾਈਕਲ**
**ਟੈਕਸੀ ਜਾਂ ਏਅਰ ਬਰੇਕ ਦਾ ਲਾਇਸੈਂਸ**
**ਪੰਜਾਬੀ ਵਿਚ ਲੈਣ ਲਈ ਸੰਪਰਕ ਕਰੋ**

- ਲੇਡੀਜ਼ ਵਾਸਤੇ ਸੁਨਹਿਰੀ ਮੌਕਾ, ਹੁਣ ਤੁਸੀਂ ਕਾਰ ਦੀ ਤਰ੍ਹਾਂ ਬਿਨਾ ਗੇਅਰਾਂ ਤੋਂ ਕਲਾਸ 1 ਦਾ ਲਾਇਸੈਂਸ ਲੈ ਸਕਦੇ ਹੋ
- ਜੇ ਟਰੱਕ ਦਾ ਲਾਇਸੈਂਸ ਲੈਣਾ ਚਾਹੁੰਦੇ ਹੋ ਪਰ ਅੰਗਰੇਜੀ ਨਹੀਂ ਆਉਂਦੀ ਜਾਂ ਘੱਟ ਆਉਂਦੀ ਹੈ ਬੁੱਕ ਦੇਖ ਕੇ ਘਬਰਾ ਜਾਂਦੇ ਹੋ ਤਾਂ ਡਰੋ ਨਾ, ਹੁਣੇ ਫੋਨ ਕਰੋ








**ਅਸੀਂ ਸਿਟੀਜਨਸ਼ਿਪ, ਨੈਸ਼ਨਲ ਸੇਫਟੀ ਕੋਡ ਦੀਆਂ ਕਲਾਸਾਂ ਲਗਾਉਂਦੇ ਹਾਂ**

**WE DO:**
***CITIZENSHIP CLASSES**
***NATIONAL SAFETY CODE (NSC) CLASSES**

# A to Z DRIVING SCHOOL

**Lucky: 604-614-5365**

**Unit 15 - 8388 128 St., Surrey**

# TMG LOGISTICS INC.

## Need Owner Operators

**NOW HIRING**

*Vancouver to California *California to Alberta Back Vancouver
*Vancouver to East USA Return

## Good Paying Loads



## Need Company Drivers

***Single Driver Pay 52cents/mile***
***Team Drivers 32 cents/mile***

**FOR MORE INFORMATION CALL AT:**

**(604) 598-3680 Fax: 604-596-3681 Cell: 778-838-3680**

***#121-13140-80Ave Surrey, BC V3W 3B2***

# ਅਮਰੀਕਾ ‘ਚ ਅੰਗਰੇਜੀ ਨਾ ਬੋਲਣ ਵਾਲੇ 28000 ਟਰੱਕ ਡਰਾਈਵਰਾਂ ਦੇ ਲਾਇਸੰਸ ਰੱਦ

ਵਾਸ਼ਿੰਗਟਨ: ਅਮਰੀਕਾ ਵਿੱਚ ਕਮਰਸ਼ੀਅਲ ਟਰੱਕ ਡਰਾਈਵਰਾਂ ਲਈ ਅੰਗਰੇਜ਼ੀ ਭਾਸ਼ਾ ਨਾਲ ਜੁੜੇ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਇਸ ਤਹਿਤ ਹਜ਼ਾਰਾਂ ਟਰੱਕ ਡਰਾਈਵਰਾਂ ਦੇ ਕਮਰਸ਼ੀਅਲ ਲਾਇਸੰਸ ਰੱਦ ਕੀਤੇ ਗਏ ਹਨ। ਟਰੰਪ ਪ੍ਰਸ਼ਾਸਨ ਨੇ ਕਿਹਾ ਹੈ ਕਿ ਸੜਕ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਕਦਮ ਚੁੱਕਿਆ ਗਿਆ ਹੈ ਅਤੇ ਟਰੱਕਿੰਗ ਖੇਤਰ ਵਿੱਚ ਸਾਬਕਾ ਫੌਜੀਆਂ ਨੂੰ ਰੋਜ਼ਗਾਰ ਦੇਣ ਲਈ ਵੀ ਇੱਕ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਇਹ ਸਖ਼ਤੀ ਅਗਸਤ 2025 ਵਿੱਚ ਫਲੋਰਿਡਾ ਵਿੱਚ ਵਾਪਰੇ ਇੱਕ ਹਾਦਸੇ ਤੋਂ ਬਾਅਦ ਹੋਰ ਵਧਾਈ ਗਈ, ਜਿਸ ਵਿੱਚ ਇੱਕ ਟਰੱਕ ਵੱਲੋਂ ਕਥਿਤ ਗੈਰ-ਕਾਨੂੰਨੀ ਯੂ-ਟਰਨ ਲੈਣ ਕਾਰਨ ਤਿੰਨ ਲੋਕਾਂ ਦੀ ਮੌਤ ਹੋ ਗਈ ਸੀ। ਇਸ ਤੋਂ ਬਾਅਦ ਅਮਰੀਕੀ ਆਵਾਜਾਈ ਵਿਭਾਗ ਨੇ ਅੰਗਰੇਜ਼ੀ ਭਾਸ਼ਾ ਨਾਲ ਸਬੰਧਤ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਜਾਂਚ ਅਤੇ ਕਾਰਵਾਈ ਤੇਜ਼ ਕਰ ਦਿੱਤੀ ਹੈ। ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਇਸ ਕਾਰਵਾਈ ਦਾ ਸਭ ਤੋਂ ਵੱਧ ਅਸਰ ਭਾਰਤੀ ਡਰਾਈਵਰਾਂ ‘ਤੇ ਪਿਆ ਹੈ।

## Home Improvement


ਪੰਜਾਬ ਗਾਰਡੀਅਨ ਨਾਲ ਐਡ ਪਾਓ ਅਤੇ ਆਪਣਾ ਬਿਜ਼ਨਸ ਵਧਾਓ

ਪੰਜਾਬ ਗਾਰਡੀਅਨ

Call to Advertise
604-590-5200

TOOR LANDSCAPING & FENCE
RESIDENTIAL & COMMERCIAL
• ਅਸੀਂ ਨਵੇਂ ਅਤੇ ਪੁਰਾਣੇਂ ਘਰਾਂ ਵਿੱਚ ਫੈਂਸ ਲਾਉਣ ਦਾ ਕੰਮ ਕਰਦੇ ਹਾਂ।
• 2x3 ਦਾ ਫਰੇਮ ਸੋਲਿਡ $210 ਦਾ ਪੈਨਲ
• ਪੁਰਾਣੀਂ ਚੁੱਕ ਕੇ ਲੈ ਜਾਂਦੇ ਹਾਂ।
• ਕੰਮ ਦੀ ਪੂਰੀ ਪੂਰੀ ਗਰੰਟੀ ਹੈ।
• ਸਾਡੇ ਰੇਟ ਬਹੁਤ ਹੀ ਵਾਜ਼ਬ ਹਨ।




ਅਸੀਂ ਸਪੈਸ਼ਲ ਰੇਟਾਂ ਤੇ ਫੈਂਸ ਲਾਉਂਦੇ ਹਾਂ
ਅਸੀਂ ਲੋਹੇ ਅਤੇ ਵਾਈਨਲ ਦੀ ਫੈਂਸ ਵੀ ਲਾਉਂਦੇ ਹਾਂ
ਹੋਰ ਜਾਣਕਾਰੀ ਲਈ ਜਗਤਾਰ ਨੂੰ ਫੋਨ ਕਰੋ
604-729-3225
ਅਸੀਂ ਮਸ਼ਰੂਮ ਦਾ ਢੇਰ ਡਿਲੀਵਰ ਕਰਦੇ ਹਾਂ ਅਤੇ ਪਾ ਕੇ ਵੀ ਜਾਂਦੇ ਹਾਂ।
ਅਸੀਂ ਸਨ ਡੈੱਕ ਦੇ ਸਟੈਪ ਵੀ ਬਣਾਉਂਦੇ ਹਾਂ।
ਅਸੀਂ ਕਾਂਵਾਂ ਦਾ ਪੁੱਟਿਆ ਹੋਇਆ ਘਾਹ ਵੀ ਫਿਕਸ ਕਰਦੇ ਹਾਂ

SINGH RAJ
RENOVATION CO.
We noticed your house needs minor repair
Unsure ofyourhousehold fixtures?
Just to replace or repair? Get it Done Today!
We guaranteed Singh Raj Renovation is the smartest choice for household small jobs
*Residential Wooden Stairs Jobs
*Residential Doors & Lock Jobs
*Painting & Cleaning Jobs
*Wooden Cabinets Repair & Paint
*Minor Electrical Trouble Shooting & Replacement of Lights, Washroom fans, Range hoods
*Touble Shooting in Plumbing *Replacement of Tiles, Taps, Faucets.
SPECIALISTS IN
Maintain+Repair & New Installation
Reasonable Rates
20Yrs Exprienced
Call Raj: 778-229-9261

STORM
ELECTRIC LTD.
Residential & Commercial
Licenced & Bonded
*All Kinds Of Electrical Service
*Best Rate
*Friendly Service
*Quality Workmanship
STORM
Mandeep Dhaliwal
(Certified Electrician)
778-994-7207
Email:stormelectricltd@gmail.com

ਪੁਰਾਣੇ ਘਰਾਂ ਦੀ ਮੁਕੰਮਲ ਰੇਨੋਵੇਸ਼ਨ ਦਾ ਕੰਮ ਬਹੁਤ ਹੀ ਵਾਜਬ ਰੇਟਾਂ ਅਤੇ ਤਸੱਲੀਬਖਸ਼ ਕੀਤਾ ਜਾਂਦਾ ਹੈ। ਫਰੇਮਿੰਗ, ਡਰਾਈਵਾਲ, ਪੇਟਿੰਗ, ਟਾਇਲਜ਼, ਲੈਮੀਨੇਟ, ਇਲਕਟ੍ਰੀਕਲ ਪਲੰਬਿੰਗ ਅਤੇ ਫੈਨਸਿੰਗ ਦੇ ਕੰਮਾਂ ਵਿਚ ਮਾਹਿਰ



Contact for Kitchen Cabinet & Counter Tops in Homes
ਘਰ ਜਾਂ ਬੇਸਮੈਂਟ ਰਿਪੇਅਰ ਕਰਵਾਉਣ ਲਈ ਸੰਪਰਕ ਕਰੋ
236-234-4081

ਸੰਦਲ ਰੈਨੋਵੇਸ਼ਨ
Your's Complete Home Renovation
* ਫਰੇਮਿੰਗ * ਇਲੈਕਟ੍ਰੀਕਲ
* ਡਰਾਈਵਾਲ * ਪਲਬਿੰਗ
* ਪੇਂਟਿੰਗ * ਕਾਰਪੇਟ
* ਟਾਈਲਜ਼ * ਰੂਫਿੰਗ ਦਾ ਕੰਮ
* ਲੈਮੀਨੇਟ * ਸਨਡੈਕ ਦੀ ਰਿਪੇਅਰ
ਮੁਫਤ ਐਸਟੀਮੇਟ ਲਈ ਸੰਪਰਕ ਕਰੋ
ਭਿੰਦਰ : 604-725-6270

GARCHA Plumbing
Heating & Repair Ltd.
15 Yrs Experience
ਨਵੇਂ ਪੁਰਾਣੇ ਘਰਾਂ ਦੀ ਹੀਟਿੰਗ ਅਤੇ ਪਲਬਿੰਗ
* Hot Water Tank Replacement
* Boiler & Furnace Repair
* Drain Cleaning
* Certified Plumber
ਹਾਟ ਵਾਟਰ ਟੈਂਕ ਉਸੇ ਦਿਨ ਬਦਲ ਦੇ ਹਾਂ
Amarjit Singh Garcha
604-306-3276
Big Or Small, We Do It All

BT LINE PAINTING CO.
ਟੌਪਲਾਈਨ ਪੇਂਟਿੰਗ ਅਸੀਂ ਸਨਡੈਕ ਵੀ ਬਣਾਉਂਦੇ ਹਾਂ
SPECIALIZING IN:
Spray & Roller Panting * Interior & Exterior * Pressure Washing*
ਅਸੀਂ ਰੀ-ਰੂਫੀਂਗ, ਫਰੇਮਿੰਗ ਅਤੇ ਡਰਾਈਵਾਲ ਦਾ ਕੰਮ ਵੀ ਕਰਦੇ ਹਾਂ।
ਹਰ ਕਿਸਮ ਦੀ ਰੈਨੋਵੇਸ਼ਨ, ਵਾਸ਼ਰੂਮ, ਹਾਰਡਵੁਡ ਫਲੋਰਿੰਗ, ਬੇਸਮੈਂਟ, ਟਾਈਲਾਂ ਆਦਿ
ਕਮਰਸ਼ੀਅਲ ਐਂਡ ਰੈਜ਼ੀਡੈਂਸ਼ੀਅਲ * ਕੁਆਲਟੀ ਵਰਕ * ਵਾਜਬ ਰੇਟ
For FREE estimates call Mr. Kulwant Singh Boyal
Cell: 604-340-7497 Res: 604-543-8064

## (ਮੁੱਖ ਪੰਨੇ ਦੀ ਬਾਕੀ)

ਆਵਾਜ਼ ਅਤੇ ਆਜ਼ਾਦ ਖ਼ਾਲਿਸਤਾਨ ਦੇ ਸਮਰਥਕਾਂ ਵਿਰੁੱਧ ਇੰਡੀਆ ਦੀ ਮੁਹਿੰਮ ਅੰਤਰਰਾਸ਼ਟਰੀ ਪੱਧਰ ਤੱਕ ਤੇਜ਼ ਹੋਈ ਹੈ। ਨਾਲ ਹੀ ਸਿੱਖ ਫੈਡਰੇਸ਼ਨ ਵੱਲੋਂ ਅੰਤਰਰਾਸ਼ਟਰੀ ਸੰਸਥਾਵਾਂ ਵਿੱਚ ਕੀਤੀ ਜਾ ਰਹੀ ਨੁਮਾਇੰਦਗੀ ਅਤੇ ਕੂਟਨੀਤਕ ਸਰਗਰਮੀ ਦੇ ਵਧਦੇ ਪ੍ਰਭਾਵ ਨੂੰ ਵੀ ਸਾਬਤ ਕਰਦੀ ਹੈ। ਸੰਯੁਕਤ ਰਾਸ਼ਟਰ ਦੇ ਅਧਿਕਾਰੀਆਂ ਨੇ ਕੈਨੇਡਾ ਨੂੰ ਦੋਸ਼ੀਆਂ ਨੂੰ ਜਵਾਬਦੇਹ ਬਣਾਉਣ ਲਈ ਕਿਹਾ ਹੈ। ਉਨ੍ਹਾਂ ਨੇ ਕੈਨੇਡਾ ਦੇ ਅਧਿਕਾਰੀਆਂ ਤੋਂ ਧਮਕੀਆਂ ਦੀ ਜਾਂਚ ਅਤੇ ਰੋਕਥਾਮ ਲਈ ਚੁੱਕੇ ਗਏ ਕਦਮਾਂ ਬਾਰੇ ਜਵਾਬ ਵੀ ਮੰਗਿਆ ਹੈ। ਇਹ ਚਿੱਠੀ ਪਹਿਲਾਂ 3 ਜੂਨ, 2026 ਨੂੰ ਭੇਜੀ ਗਈ ਸੀ, ਪਰ ਕੈਨੇਡਾ ਦੇ ਅਧਿਕਾਰੀਆਂ ਨੇ ਇਸ ਦਾ ਕੋਈ ਜਵਾਬ ਨਹੀਂ ਦਿੱਤਾ। ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰ ਮਾਹਿਰਾਂ ਨੇ ਕੈਨੇਡਾ ਸਰਕਾਰ ਨੂੰ ਸਿੱਖ ਆਗੂ ਮੋਨਿੰਦਰ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਲੋੜੀਂਦੇ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਮਾਹਿਰਾਂ ਨੇ ਕਿਹਾ ਹੈ ਕਿ ਜੇ ਕਿਸੇ ਵਿਅਕਤੀ ਨੂੰ ਜਾਨ ਨੂੰ ਖ਼ਤਰਾ ਹੋਣ ਦੀਆਂ ਭਰੋਸੇਯੋਗ ਜਾਣਕਾਰੀਆਂ ਮਿਲਦੀਆਂ ਹਨ ਤਾਂ ਉਸ ਦੀ ਸੁਰੱਖਿਆ ਅਤੇ ਨਿਰਪੱਖ ਜਾਂਚ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਮੋਨਿੰਦਰ ਸਿੰਘ ਨੇ ਇਸ ਸਾਲ ਜਿਨੀਵਾ ਵਿੱਚ ਸੰਯੁਕਤ ਰਾਸ਼ਟਰ ਦੇ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਵਿਦੇਸ਼ਾਂ ਵਿੱਚ ਰਹਿੰਦੇ ਸਿੱਖ ਕਾਰਕੁਨਾਂ ਨੂੰ ਮਿਲ ਰਹੀਆਂ ਕਥਿਤ ਧਮਕੀਆਂ ਦਾ ਮੁੱਦਾ ਉਠਾਇਆ ਸੀ ਅਤੇ ਇਸ ਸਬੰਧੀ ਅੰਤਰਰਾਸ਼ਟਰੀ ਧਿਆਨ ਦੀ ਮੰਗ ਕੀਤੀ ਸੀ। ਦੂਜੇ ਪਾਸੇ, ਭਾਰਤ ਸਰਕਾਰ ਪਹਿਲਾਂ ਵੀ ਵਿਦੇਸ਼ਾਂ ਵਿੱਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਦੇ ਦੋਸ਼ਾਂ ਨੂੰ ਰੱਦ ਕਰਦੀ ਆਈ ਹੈ। ਇਸ ਮੁੱਦੇ ਨੂੰ ਲੈ ਕੇ ਭਾਰਤ ਅਤੇ ਕੈਨੇਡਾ ਵਿਚਾਲੇ ਕੂਟਨੀਤਿਕ ਸਬੰਧ ਪਿਛਲੇ ਕੁਝ ਸਮੇਂ ਤੋਂ ਚਰਚਾ ਅਤੇ ਤਣਾਅ ਦਾ ਵਿਸ਼ਾ ਬਣੇ ਹੋਏ ਹਨ।










ੴ

TRUTH IS THE HIGHEST OF ALL THINGS:
HIGHER STILL IS TRUTHFUL LIVING -GURU NANAK DEV JI

ੴ ਸਤਿਗੁਰ ਪ੍ਰਸਾਦਿ

# ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ

12885-85Ave. Surrey, BC V3W 0K8 Canada




## ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਸਰੀ ਵਿਖੇ ਹੋ ਰਹੇ ਪ੍ਰੋਗਰਾਮਾਂ ਦਾ ਵੇਰਵਾ

ਸ੍ਰੀ ਗੁਰੂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ 16 ਨਵੰਬਰ ਤੋਂ 25 ਨਵੰਬਰ ਤੱਕ ਜੱਥਾ ਪਾਕਿਸਤਾਨ ਦੇ ਗੁਰਧਾਮ ਦਰਸ਼ਨਾਂ ਲਈ ਜਾ ਰਿਹਾ ਹੈ ਜਿਨ੍ਹਾਂ ਸੰਗਤਾਂ ਨੇ ਜਾਣਾ ਹੋਵੇ ਉਹ ਗੁਰਦੁਆਰਾ ਸਾਹਿਬ ਆਪਣੇ ਨਾਮ ਲਿਖਵਾ ਦਿਓ ਜੀ।

**ਇਸ ਹਫਤੇ ਗੁਰੂਘਰ ਵਿਖੇ ਬਰਸੀ ਭਗਤ ਪੂਰਨ ਸਿੰਘ ਜੀ ਤੇ ਸ਼ਹੀਦੀ ਦਿਵਸ ਭਾਈ ਸੁਖਦੇਵ ਸਿੰਘ ਬੱਬਰ ਮਨਾਏ ਜਾਣਗੇ।**

*7 ਅਗਸਤ ਦਿਨ ਸ਼ੁੱਕਰਵਾਰ ਅਨੰਦ ਕਾਰਜ ਦੀ ਰਸਮ ਹੋਵੇਗੀ।

*7 ਅਗਸਤ ਦਿਨ ਸ਼ੁੱਕਰਵਾਰ 4 ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ: (1)ਬਰਸੀ ਬਾਬਾ ਨਿਧਾਨ ਸਿੰਘ ਜੀ (2)ਸੇਵਕ ਪਰਿਵਾਰ ਵੱਲੋਂ (3)ਬੀ: ਨਵਦੀਪ ਕੌਰ ਪਰਿਵਾਰ ਵੱਲੋਂ (4)ਭਾ: ਚਰਨ ਸਿੰਘ ਵਿਰਕ ਪਰਿਵਾਰ ਵੱਲੋਂ

*7 ਅਗਸਤ ਦਿਨ ਸ਼ੁੱਕਰਵਾਰ 2 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਜਾਣਗੇ:
(1)ਭਾਈ ਨਿਰਭੈ ਸਿੰਘ ਮਠਾੜੂ (2)ਭਾਈ ਸੁੱਚਾ ਸਿੰਘ ਰਾਏ

*8 ਅਗਸਤ ਦਿਨ ਸ਼ਨਿੱਚਰਵਾਰ 5 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ:(1)ਬੀਬੀ ਸੁਰਿੰਦਰ ਕੌਰ ਜੌਹਲ (2)ਭਾਈ ਅਮੀਰ ਸਿੰਘ ਬਸਰਾ (3)ਭਾਈ ਬਹਾਦਰ ਸਿੰਘ ਖੇਲਾ (4)ਭਾਈ ਹਰਕਮਲਜੀਤ ਸਿੰਘ (5)ਭਾਈ ਰਵਿੰਦਰ ਸਿੰਘ ਧਨੋਆ

*9 ਅਗਸਤ ਦਿਨ ਐਤਵਾਰ 3 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ:(1)ਭਾਈ ਗੁਰਤੇਜ ਸਿੰਘ (2)ਭਾਈ ਮਨਜਿੰਦਰ ਸਿੰਘ ਢਿੱਲੋਂ (3)ਭਾਈ ਸੁਖਵਿੰਦਰ ਸਿੰਘ ਵੱਲੋਂ

**ਸਮੂਹ ਸਾਧ ਸੰਗਤ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰਾਂ ਸਮੇਤ
ਗੁਰੂ ਦਰਬਾਰ ਵਿਚ ਹਾਜਰੀ ਭਰ ਕੇ ਤਨ, ਮਨ, ਧਨ ਨਾਲ ਸੇਵਾ ਕਰ ਕੇ ਜੀਵਨ ਸਫਲਾ ਕਰੋ ਜੀ**

**ਗੁਰਦੁਆਰਾ ਸਾਹਿਬ ਵਿਖੇ ਕੋਈ ਵੀ ਸੇਵਾ ਲੈਣ ਅਤੇ ਵਧੇਰੇ ਜਾਣਕਾਰੀ
ਪ੍ਰਾਪਤ ਕਰਨ ਲਈ 604-594-2574 ਤੇ ਸੰਪਰਕ ਕਰੋ ਜੀ**


ABHI FURNITURES LTD.
ਸਾਡੀ ਗਰੰਟੀ ਹੈ ਕਿ ਤੁਸੀ ਸਾਡੇ ਕੋਲ ਆ ਕੇ ਸਾਰੀਆਂ ਫਰਨੀਚਰ ਆਈਟਮ ਤੇ ਬੱਚਤਾਂ ਕਰੋਗੇ।
Free Delivery
BEST PRICES
ALL KINDS OF DESIGNER, MODERN AND CUSTOM FURNITURE
CANADA DAY SALE On All Products & Furniture
$2499
Complete Queen Bedroom Set
Regular NOW
$1999
Ph: 604-710-3286, 604-502-2244
Web:abhiifurnitures.com Email:abhifurnituretd@gmail.com
#102-13030 115Ave, Surrey, BC
Business Hours: Mon-Sat 11am to 6pm Sunday:Closed


Discover the Real Punjabi Tadka
Chawlas²
SINCE 1960
The Famous Taste of Punjab
Veg & Non Veg
NOW OPEN
IN SURREY
ਲੁਧਿਆਣਾ ਦਾ ਮਸ਼ਹੂਰ
Chawla's Chicken
ਹੁਣ ਤੁਹਾਡੇ ਸ਼ਹਿਰ ਸਰੀ ਵਿਚ
Ph:778-637-0006
#107-8363 -128St, Surrey
Hours:Wednesday to Monday 10AM to 12 AM Closed:Tuesday